ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ

ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH

ਸਾਂਝੀ ਸੋਚ

ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON

24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2366 | 5 February, 2026 Thursday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260



Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008
(Near Costco), Fresno, CA 93722
Phone: 599-271-5511



# ਟਰੰਪ ਦੀ ਹੱਤਿਆ ਦੀ ਕੋਸ਼ਿਸ਼ ਕਰਨ ਵਾਲੇ ਨੂੰ ਹੋਈ ਉਮਰ ਕੈਦ ਦੀ ਸਜ਼ਾ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਰਾਸ਼ਟਰਪਤੀ ਡੋਨਾਲਡ ਟਰੰਪ ਦੀ ਹੱਤਿਆ ਦੀ ਕੋਸ਼ਿਸ਼ ਦੇ ਦੋਸ਼ੀ ਰਿਆਨ ਰੂਥ ਨੂੰ ਇੱਕ ਸੰਘੀ ਅਦਾਲਤ ਨੇ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਸੀਐਨਐਨ ਦੀ ਰਿਪੋਰਟ ਦੇ ਅਨੁਸਾਰ, ਇਹ ਸਜ਼ਾ ਬੁੱਧਵਾਰ ਨੂੰ ਸੁਣਾਈ ਗਈ। ਇਹ ਘਟਨਾ 15 ਸਤੰਬਰ, 2024 ਨੂੰ ਵਾਪਰੀ ਸੀ, ਜਦੋਂ ਟਰੰਪ ਰਾਸ਼ਟਰਪਤੀ ਚੋਣ ਲਈ ਪ੍ਰਚਾਰ ਕਰ ਰਹੇ ਸਨ। ਰੂਥ ਟਰੰਪ ਦੇ ਗੋਲਫ ਕੋਰਸ ਦੇ ਨੇੜੇ ਝਾੜੀਆਂ ਵਿੱਚ ਏਕੇ-47 ਵਰਗੀ ਸੋਵੀਅਤ ਸ਼ੈਲੀ ਦੀ ਰਾਈਫਲ ਅਤੇ ਬਾਡੀ ਆਰਮਰ ਨਾਲ ਲੁਕਿਆ ਹੋਇਆ ਸੀ। ਇੱਕ ਸੀਕ੍ਰੇਟ ਸਰਵਿਸ ਏਜੰਟ ਨੇ ਰਾਈਫਲ ਦੀ ਬੈਰਲ ਅਤੇ ਸ਼ੱਕੀ ਦਾ ਚਿਹਰਾ ਦੇਖਿਆ ਅਤੇ ਗੋਲੀਬਾਰੀ ਕੀਤੀ, ਜਿਸ ਤੋਂ ਬਾਅਦ ਰੂਥ ਮੌਕੇ ਤੋਂ ਭੱਜ ਗਿਆ। ਬਾਅਦ ਵਿੱਚ ਪੁਲਿਸ ਨੇ ਉਸਨੂੰ ਉਸਦੀ ਕਾਰ ਦੀ ਲਾਇਸੈਂਸ ਪਲੇਟ ਦੇ ਆਧਾਰ 'ਤੇ ਗ੍ਰਿਫਤਾਰ ਕਰ ਲਿਆ। ਅਦਾਲਤ ਨੇ ਸਤੰਬਰ 2024 ਵਿੱਚ ਰਿਆਨ ਰੂਥ ਨੂੰ ਪੰਜ ਦੋਸ਼ਾਂ ਵਿੱਚ ਦੋਸ਼ੀ ਠਹਿਰਾਇਆ, ਜਿਸ ਵਿੱਚ ਟਰੰਪ ਦੀ ਹੱਤਿਆ ਦੀ ਕੋਸ਼ਿਸ਼ ਵੀ ਸ਼ਾਮਲ ਸੀ, ਜੋ ਘਟਨਾ ਦੇ ਸਮੇਂ ਰਾਸ਼ਟਰਪਤੀ ਉਮੀਦਵਾਰ ਸੀ। ਇਹ ਫੈਸਲਾ ਅਮਰੀਕੀ ਜ਼ਿਲ੍ਹਾ ਜੱਜ ਆਈਲੀਨ ਕੈਨਨ ਦੁਆਰਾ ਸੁਣਾਇਆ ਗਿਆ ਸੀ। ਅਦਾਲਤੀ ਕਾਰਵਾਈ ਦੌਰਾਨ, ਜੱਜ ਕੈਨਨ ਨੇ ਕਿਹਾ ਕਿ ਰਿਆਨ ਸਪੱਸ਼ਟ ਤੌਰ 'ਤੇ ਟਰੰਪ ਦੀ ਹੱਤਿਆ ਕਰਨ ਦਾ ਇਰਾਦਾ ਰੱਖਦਾ ਸੀ ਅਤੇ ਆਪਣੀ ਯੋਜਨਾ ਨੂੰ ਪੂਰਾ ਕਰਨ ਦੇ ਬਹੁਤ ਨੇੜੇ ਆ ਗਿਆ ਸੀ। ਉਮਰ ਕੈਦ ਤੋਂ ਇਲਾਵਾ, ਰੂਥ ਨੂੰ ਕਈ ਹੋਰ ਸਜ਼ਾਵਾਂ ਵੀ ਦਿੱਤੀਆਂ ਗਈਆਂ, ਜੋ ਕਿ ਨਾਲ-ਨਾਲ ਚੱਲਣਗੀਆਂ। ਇਹਨਾਂ ਵਿੱਚ ਹਿੰਸਕ ਅਪਰਾਧ ਦੌਰਾਨ ਹਥਿਆਰ ਰੱਖਣ ਲਈ 84 ਮਹੀਨੇ, ਇੱਕ ਸੰਘੀ ਅਧਿਕਾਰੀ 'ਤੇ ਹਮਲਾ ਕਰਨ ਲਈ 240 ਮਹੀਨੇ, ਦੋਸ਼ੀ ਠਹਿਰਾਏ ਗਏ ਅਪਰਾਧੀ ਨੂੰ ਹਥਿਆਰ ਰੱਖਣ ਲਈ 18 ਮਹੀਨੇ, ਅਤੇ ਮਿਟਾਏ ਗਏ ਸੀਰੀਅਲ ਨੰਬਰ ਵਾਲਾ ਹਥਿਆਰ ਰੱਖਣ ਲਈ 60 ਮਹੀਨੇ ਸ਼ਾਮਲ ਹਨ।




Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com


RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space available for Ad
Contact # +1 (209) 303-1260

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

Space availabe for Ad
Contact # +1 (209) 303-1260

Space availabe for Ad
Contact # +1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY


**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਕਿਉ ਕਰਿ ਕੰਤ ਮਿਲਾਵਾ ਹੋਈ




ਅੱਜ ਸੁਭਾਹ ਸੇਵੇਰੇ ਅੱਖ ਖੁੱਲ੍ਹੀ ਤਾਂ ਉੱਪਰ ਲਿਖੀ ਪੰਗਤੀ ਦਿਮਾਗ ਵਿੱਚ ਘੁੰਮਣ ਲੱਗੀ। ਸੈਲ ਫੂੰਨ ਖੋਲ੍ਹ ਕੇ ਰਾਗ ਸੂਹੀ ਵਿੱਚ ਦਰਜ ਗੁਰੂ ਨਾਨਕ ਪਾਤਸ਼ਾਹ ਦੀ ਇਹ ਸਾਰੀ ਅਸਟਪਦੀ ਪੜ੍ਹੀ। ਇੱਕ ਵਾਰ ਨਹੀਂ ਦੋ ਵਾਰ ਪੜ੍ਹੀ ਤਾਂ ਭੁਚੋ ਆਲੇ ਬਾਬੇ, ਜਿਸਨੂੰ ਗਡੀਰੇ ਤੇ ਬਿਠਾ ਕੇ, ਅੱਗੇ ਬਲਦ ਜੋੜ ਕੇ ਖਿੱਚ ਕੇ ਲਿਜਾਂਦੇ ਹਨ, ਸੁਖਦੇਵ ਸਿੰਘ ਦੇ ਪ੍ਰਵਚਨ ਕੁੱਝ ਦਿਨ ਪਹਿਲਾਂ ਸੁਣੇ ਸਨ, ਓਹ ਯਾਦ ਆ ਗਏ ਜੋ ਸਾਨੂੰ ਰੱਬ ਨਾਲ ਮਿਲਾਉਣ ਬਾਰੇ ਕਹਿ ਰਿਹਾ ਸੀ।

"ਲੀਡਰ ਤੁਹਾਡੇ ਨਾਲ ਵਾਹਦੇ ਕਰਦੇ ਹਨ ਕਿ ਅਸੀਂ ਤੁਹਾਨੂੰ ਆਹ ਦੇਵਾਂਗੇ, ਅਸੀਂ ਤੁਹਾਨੂੰ ਆਹ ਦੇ ਸਕਦੇ ਹਾਂ, ਪਰ ਰੱਬ ਨਾਲ ਮਿਲਾਉਣ ਦਾ ਵਾਹਦਾ ਕੋਈ ਲੀਡਰ ਨਹੀਂ ਕਰਦਾ ਕਿਉਂਕਿ ਉਨ੍ਹਾਂ ਨੂੰ ਪਤਾ ਹੈ ਕਿ ਉਹ ਕਿਸੇ ਨੂੰ ਰੱਬ ਨਾਲ ਮਿਲਾ ਹੀ ਨਹੀਂ ਸਕਦੇ। ਕੁੱਝ ਵਾਹਦੇ ਓਹ ਪੂਰੇ ਕਰਦੇ ਹਨ ਤੇ ਕੁੱਝ ਨਹੀਂ। ਇਸੇ ਹੀ ਤਰ੍ਹਾਂ ਇਕ ਹੋਰ ਉਦਾਹਰਣ ਦਿੱਤੀ ਸਕੂਲੀ ਮਾਸਟਰਾਂ ਦੀ। ਸਕੂਲ ਮਾਸਟਰ ਤੁਹਾਨੂੰ ਕਿਤਾਬਾਂ ਪੜ੍ਹਾ ਸਕਦੇ ਹਨ, ਨਕਸ਼ੇ ਤੇ ਦੁਨੀਆਂ ਭਰ ਦੇ ਮੁਲਕ ਦਿਖਾ ਸਕਦੇ ਹਨ, ਪਰ ਪ੍ਰਮਾਰਥ ਦਾ ਰਸਤਾ ਨਹੀਂ ਦਿਖਾ ਸਕਦੇ। ਆਖਰ ਨੂੰ ਇਹ ਸੁਖਦੇਵ ਸਿੰਘ ਕਹਿਣ ਲੱਗਾ ਕਿ ਸਾਧੂ ਲੋਕ ਹੀ ਹਨ ਜੋ ਤੁਹਾਨੂੰ ਰੱਬ ਨਾਲ ਮਿਲਾ ਸਕਦੇ ਹਨ"। ਸੁਖਦੇਵ ਸਿੰਘ ਸਿੰਘ ਜੀ ਤੁਸੀਂ ਭੁੱਲ ਤਾਂ ਨਹੀਂ ਗਏ,ਅੱਜ ਤੋਂ ਕੋਈ 15-20 ਸਾਲ ਪਹਿਲਾਂ ਬਠਿੰਡੇ ਸ਼ਹਿਰ ਵਿੱਚ ਜਦੋਂ ਤੁਸੀਂ ਅਮਰ ਹੋਣ ਵਾਲੀ ਕਹਾਣੀ, ਜੋ ਸ਼ਿਵਜੀ ਨੇ ਪਾਰਬਤੀ ਨੂੰ ਸੁਣਾਈ ਸੀ, ਅਤੇ ਕੋਲ ਬੈਠਾ ਤੋਤਾ ਵੀ ਸੁਣ ਰਿਹਾ ਸੀ ਤਾਂ ਸ਼ਿਵਜੀ ਤੋਤੇ ਨੂੰ ਮਾਰਨ ਲਈ ਪਿੱਛੇ ਉਡਿਆ ਕਿ ਤੋਤਾ ਅਮਰ ਨਾ ਹੋ ਜਾਏ ਤੇ ਤੋਤਾ ਕਿਸੇ ਜ਼ਨਾਨੀ ਦੇ ਪੇਟ ਵਿੱਚ ਵੜ ਗਿਆ ਅਤੇ ਬਾਰਾਂ ਸਾਲ ਜ਼ਨਾਨੀ ਦੇ ਪੇਟ ਵਿੱਚ ਹੀ ਬੈਠਾ ਰਿਹਾ। ਤੁਹਾਨੂੰ ਸਟੇਜ ਤੋਂ ਥੱਲੇ ਉਤਰਦਿਆਂ ਸਾਰ ਹੀ ਅਸੀਂ ਇਹ ਸਵਾਲ ਕੀਤਾ ਸੀ ਕਿ ਸੁਖਦੇਵ ਸਿੰਘ ਜੀ ਤੁਸੀਂ ਸਾਨੂੰ ਇਹ ਦੱਸੋ ਕਿ ਤੋਤਾ ਜ਼ਨਾਨੀ ਦੇ ਮੂੰਹ ਰਾਹੀਂ ਬਾਹਰ ਨਿਕਲਿਆ ਯਾ ਥੱਲੇ ਵਾਲੇ ਦੋ ਰਸਤਿਆਂ ਰਾਹੀਂ? ਤੁਸੀਂ ਇਹ ਕਹਿ ਕਿ ਚਲੇ ਗਏ ਕਿ ਮੈਂ ਤਾਂ ਜਿਤਨਾ ਸੁਣਿਆ ਸੀ ਸੁਣਾ ਦਿੱਤਾ ਇਸ ਤੋਂ ਹੋਰ ਜ਼ਿਆਦਾ ਮੈਨੂੰ ਕੋਈ ਪਤਾ ਨਹੀਂ। ਅਗਲੇ ਦਿਨ ਤੋਂ ਤੁਸੀਂ ਕਥਾ ਕਰਨ ਆਏ ਹੀ ਨਹੀਂ। ਹੁਣ ਤੁਸੀਂ ਇਹ ਦੱਸੋ ਕਿ ਤੁਹਾਡੇ ਕੋਲ ਰੱਬ ਨੂੰ ਮਿਲਾਉਣ ਵਾਲਾ ਕਿਹੜਾ ਗਿਆਨ ਯਾ ਰਸਤਾ ਹੈ?

ਅਮਰ ਸਿੰਘ ਬੜੂੰਦੀ ਵਾਲਿਆਂ ਦਾ ਸਾਰਾ ਰੀਕਾਰਡ ਮਲੇਸ਼ੀਆ ਦੀ ਅਦਾਲਤ ਵਿੱਚੋਂ ਫੀਸ ਭਰ ਕੇ ਅਸੀਂ ਕੱਢਵਾਇਆ ਹੋਇਆ ਹੈ, ਜੋ ਅੱਜ ਵੀ ਮੇਰੇ ਕੋਲ ਹੈ, ਸ਼ੰਤ ਬਾਬਾ ਅਮਰ ਸਿੰਘ ਬੜੂੰਦੀ ਵਾਲਿਆਂ ਦੀਆਂ ਕੁਆਰੀਆਂ ਕੁੜੀਆਂ ਨੂੰ ਲਿਖੀਆਂ ਹੋਈਆਂ ਚਿੱਠੀਆਂ ਅਤੇ ਜੋ ਕੁੜੀਆਂ ਨਾਲ ਗੰਦ-ਮੰਦ ਇਸ ਨੇ ਕੀਤਾ ਤੇ ਕਿਵੇਂ ਗ਼ੱਬਰਦਸਤੀ ਯਾ ਜ਼ਬਰਦਸਤੀ ਕੀਤੀ ਗਈ ਇਹ ਸਾਰਾ ਰੀਕਾਰਡ ਅਤੇ ਕੁੜੀਆਂ ਦੀਆਂ ਲਿਖੀਆਂ ਹੋਈਆਂ ਚਿੱਠੀਆਂ ਜਿਸ ਵਿੱਚ ਉਨ੍ਹਾਂ ਆਪਣੀ ਹੱਡ ਬੀਤੀ ਵੀ ਬਿਆਨ ਕੀਤੀ ਹੋਈ ਹੈ, ਕਿਹੜੇ ਕਿਹੜੇ ਕੁਕਰਮ ਇਸ ਵਹਿਸ਼ੀ ਸ਼ੰਤ ਅਮਰ ਸਿੰਘ ਬੜੂੰਦੀ ਵਾਲੇ ਨੇ ਉਨ੍ਹਾਂ ਨਾਲ ਕੀਤੇ, ਕਿਹੜੇ ਕਿਹੜੇ ਲਾਰੇ ਲਾਏ ਗਏ ਕਿਸੇ ਨੂੰ ਕੈਨੇਡਾ ਭੇਜਣ ਤੇ ਕਿਸੇ ਨੂੰ ਅਸਟਰੇਲੀਆ ਯਾ ਇੰਗਲੈਂਡ ਦਾ ਵੀਜ਼ਾ ਲਵਾਕੇ, ਕਿਸੇ ਨਾਲ ਵਿਆਹ ਕਰਕੇ ਉਥੋਂ ਦੇ ਬਸ਼ਿੰਦੇ ਬਣਾਉਣ ਦਾ ਝਾਂਸਾ ਦੇ ਕੇ ਕਿਵੇ ਕਿਵੇਂ ਉਨ੍ਹਾਂ ਨਾਲ ਵਹਿਸ਼ੀ ਪੁਣਾ ਕੀਤਾ ਗਿਆ, ਇਹ ਸਾਰਾ ਕੁੱਝ ਅਸੀਂ ਸਾਂਭ ਕੇ ਰੱਖਿਆ ਹੋਇਆ ਹੈ। ਇਸ ਰੀਕਾਰਡ ਮੁਤਾਬਕ ਹੀ ਅਮਰ ਸਿੰਘ ਬੜੂੰਦੀ ਨੂੰ ਮਲੇਸ਼ੀਆ ਵਿੱਚ ਵੜਨ ਲਈ ਸਰਕਾਰ ਨੇ ਮਨਾਹ ਕੀਤਾ ਹੋਇਆ ਸੀ ਪਰ ਚੋਰ ਚੋਰ-ਮੋਰੀਆਂ ਲੱਭ ਲੈਂਦੇ ਹਨ ਤੇ ਇਸ ਨੇ ਕਿਸੇ ਨਾ ਕਿਸੇ ਨੂੰ ਰਿਸ਼ਵਤ ਵਗੈਰਾ ਯਾ ਇਨ੍ਹਾਂ ਕੁੜੀਆਂ, ਜੋ ਇਸ ਨੇ ਬੰਦੀ ਬਣਾਈਆਂ ਹੋਈਆਂ ਸਨ, ਨੂੰ ਵਰਤ ਕੇ ਓਹ ਬੰਦਸ਼ ਹਟਵਾ ਲਈ ਤੇ ਮਲੇਸ਼ੀਆ ਜਾਣ-ਆਉਣ ਦਾ ਰਾਹ ਮੁੜ ਤੋਂ ਪੱਧਰਾ ਕਰਾ ਲਿਆ।

ਪਿੰਡ ਭਦੌੜ ਵਿੱਚ ਜ਼ਮੀਨ ਦੇ ਚਾਰ-ਛੇ ਕਿਲਿਆਂ ਪਿੱਛੇ ਗੋਲੀ ਚੱਲੀ, ਤੁਹਾਡੇ ਮਹਾਂਪੁਰਸ਼ਾਂ ਦੀ ਮਹਾਂਪੁਰਸ਼ਾਂ ਨਾਲ ਲੜਾਈ, ਕੁੱਲ ਮਿਲਾ ਕੇ ਕਿਤਨੇ ਗਰੀਬ ਇਸ ਲੜਾਈ ਵਿੱਚ ਮਾਰੇ ਗਏ, ਇਸ ਬਾਰੇ ਤਾਂ ਸੁਖਦੇਵ ਸਿੰਘ ਜੀ ਹੋਰੀਂ ਜ਼ਿਆਦਾ ਜਾਣਕਾਰੀ ਰੱਖਦੇ ਹਨ ਕਿਉਂਕਿ ਇਹ ਸੁਖਦੇਵ ਸਿੰਘ ਦੀ ਹੱਡਬੀਤੀ ਦਾ ਹਿੱਸਾ ਹੈ, ਪਰ ਲਧਾਈ ਪਿੰਡ ਦਾ ਗਰੀਬ ਮਜ਼ਬੀ ਸਿੱਖ ਮਾਰਿਆ ਗਿਆ ਜੋ ਮੇਰੀ ਜਾਣ ਪਹਿਚਾਣ ਵਾਲਾ ਸੀ। ਕੇਸ ਚੱਲਿਆ, ਚਾਰ ਕੁ ਸਾਲ "ਬਾਬਾ ਘਾਲਾ ਸਲਾਖਾਂ ਪਿੱਛੇ" ਕਨੇਡੀਅਨ ਅਖਬਾਰ ਦੀ ਕੱਟਿੰਗ ਮੈਂ ਅੱਜ ਵੀ ਸਾਂਭੀ ਬੈਠਾ ਹਾਂ।

ਹਰੀਕੇ ਪੱਤਣ ਤੇ ਕਰੋਨਾ ਦੇ ਆਉਣ ਤੋਂ ਪਹਿਲਾਂ ਮਤਲਬ 2018-19 ਦੇ ਆਸ ਪਾਸ ਇੱਕ ਨਵੇਂ ਵਿਆਹੇ ਜੋੜੇ ਦਾ ਇਨ੍ਹਾਂ ਕਤਲ ਕੀਤਾ ਸੀ, ਆਪਣੀ ਹਵਸ ਪੂਰੀ ਕਰਨ ਤੋਂ ਬਾਅਦ। ਨਵੇਂ ਵਿਆਹੇ ਜੋੜੇ ਦਾ ਮੋਟਰ ਸਾਈਕਲ ਹਰੀਕੇ ਪੁੱਲ ਤੇ ਆ ਕੇ ਖਰਾਬ ਹੋ ਗਿਆ ਸੀ ਤੇ ਰਾਤ ਕੱਟਣ ਗਏ ਨਵੇਂ ਵਿਆਹੇ ਜੋੜੇ ਨੇ ਇਨ੍ਹਾਂ ਚਿੱਟ-ਕਪੜੀਆਂ ਨੂੰ ਪ੍ਰਮਾਰਥ ਦਾ ਰਸਤਾ ਦਿਖਾਉਣ ਵਾਲੇ ਸਮਝ ਕੇ ਸਮੇਤ ਆਪਣੇ ਗਹਿਣਿਆਂ ਅਤੇ ਨਕਦੀ ਦੇ, ਆਪਣੇ ਸਵਾਸ ਵੀ ਇਨ੍ਹਾਂ ਦੀ ਠਾਠ ਵਿਚ ਭੰਗ ਦੇ ਭਾਣੇ ਗੁਆ ਲਏ। ਪੁਲੀਸ ਦਾ ਡੰਡਾ ਫਿਰਨ ਤੋਂ ਬਾਅਦ ਮੁਲਜ਼ਮ ਨੇ 47 ਖੂੰਨ ਕਬੂਲ ਕੀਤੇ ਸਨ ਪਰ ਦਿੱਲੀਓ ਤਾਰਾਂ ਖਟਕਣ ਤੋਂ ਬਾਅਦ ਇਨ੍ਹਾਂ ਕਤਲ ਕੇਸਾਂ ਦਾ ਕੀ ਬਣਿਆ ਇਹ ਨਾਨਕਸਰੀਏ ਮਹਾਂਪੁਰਸ਼ ਹੀ ਜਾਣਨ। ਐਗਰੀਕਲਚਰ ਯੂਨੀਵਰਿਸਿਟੀ ਲੁਧਿਆਣੇ ਦੇ ਸਾਹਮਣੇ ਵਾਲੀ ਠਾਠ ਵਿੱਚੋਂ ਪੁਲੀਸ ਦੀ ਮੱਦਦ ਨਾਲ ਇੱਕ ਲੜਕੀ, ਜੋ ਇਨ੍ਹਾਂ ਮਹਾਂਪੁਰਸ਼ਾਂ ਨੇ ਬੰਦੀ ਬਣਾਈ ਹੋਈ ਸੀ, ਨੂੰ ਅਜ਼ਾਦ ਕਰਵਾਇਆ ਗਿਆ। ਇਹ ਲੋਕ ਕਹਿੰਦੇ ਹਨ ਕਿ ਅਸੀਂ ਔਰਤ ਦੇ ਨੇੜੇ ਵੀ ਨਹੀਂ ਜਾਂਦੇ, ਲੁੱਕ-ਛਿੱਪ ਕੇ ਪਤਾ ਨਹੀਂ ਕਿੰਨੀ ਵਾਰੀ ਰਾਤੋ ਰਾਤ ਇਹ ਲੋਕ ਰੇਪ ਕਰਦੇ ਰਹੇ, ਬੰਦੀ ਬਣਾਈਆਂ ਕੁੜੀਆਂ ਯਾ ਔਰਤਾਂ ਦਾ। ਗੁਰਮੀਤ ਰਾਮ ਰਹੀਮ ਅਤੇ ਢੱਢਰੀਆਂ ਵਾਲੇ ਬੂਬਨੇ ਸਾਧ ਬਾਰੇ ਤਾਂ ਸਾਰੇ ਲੋਕ ਜਣਦੇ ਹੀ ਹਨ ਪਰ ਪੰਜਾਬੀਆਂ ਦੇ ਨੱਕ, ਕੰਨ ਤੇ ਅੱਖਾਂ ਸਮੇਤ ਦਿਮਾਗ ਦੇ ਦਰਵਾਜ਼ੇ ਬੰਦ ਹੋਣ ਕਰਕੇ ਆਪਣੀਆਂ ਜਵਾਨ ਕੁੜੀਆਂ ਦੇ ਰੇਪ ਹੁੰਦੇ ਇਨ੍ਹਾਂ ਨੂੰ ਦਿਸਦੇ ਹੀ ਨਹੀਂ, ਸਮੇਤ ਗੰਦਗੀ ਭਰੇ ਜੀਵਨ ਦੇ। ਜੇਕਰ ਕਿਸੇ ਕੁੜੀ ਨੇ ਬਗਾਵਤ ਵੀ ਕੀਤੀ ਤਾਂ ਮਾਪਿਆਂ ਨੂੰ ਲਾਏ ਸਾਧ ਦੇ ਸਵਰਗ ਦੇ ਲਾਰਿਆਂ ਨੇ ਮਾਪਿਆਂ ਨੂੰ ਡੇਰੇ, ਠਾਠ ਯਾ ਗੁਫਾ ਵਿਚ ਹੁੰਦੇ ਕੁਕਰਮ ਦਿਸੇ ਹੀ ਨਹੀਂ ਸਗੋਂ ਆਪਣੀ ਗੈਰਤ ਨੂੰ ਛਿੱਕੇ ਟੰਗਦਿਆਂ ਹੋਇਆਂ ਅਪਣੀ ਕੁਆਰੀ ਕੁੜੀ ਦੀ ਇੱਜ਼ਤ ਲੁੱਟਣ ਵਾਲੇ ਦੇ ਸਾਹਮਣੇ ਸਗੋਂ ਗੋਡੇ ਵੀ ਟੇਕ ਦਿੱਤੇ। ਕੁੜੀ ਨੂੰ ਸਾਧ ਦੇ ਸਪੁਰਦ ਕਰਕੇ ਖੁਸ਼ੀਆਂ ਮਨਾਉਂਦੇ ਘਰ ਨੂੰ ਚਲੇ ਆਏ। ਨਾ ਇਨ੍ਹਾਂ ਸਾਧਾਂ ਨੇ ਮੁੰਡੇ ਛੱਡੇ ਤੇ ਹੀ ਕੁੜੀਆਂ।

ਸੁਖਦੇਵ ਸਿੰਘ ਜੀ ਹੋਰ ਗਿਣਾਵਾਂ? ਤੁਹਾਡੇ ਮਹਾਂਪੁਰਸ਼ਾ ਦੇ ਹੋਰ ਗਿਣਾਵਾਂ ਨਾਮ ਯਾ ਅੱਜ ਇਤਨਾ ਹੀ ਕਾਫੀ ਹੈ? ਤੁਸੀਂ ਕਿਹੜਾ ਗੁਰਬਾਣੀ ਪੜ੍ਹਨ ਜਾਣਦੇ ਹੋ, ਆਓ ਹੁਣ ਪੁੱਛਦੇ ਹਾਂ ਗੁਰੂ ਗ੍ਰੰਥ ਸਾਹਿਬ ਜੀ ਨੂੰ ਕਿ ਸਾਧ ਕੌਣ ਹੁੰਦਾ ਹੈ? ਬ੍ਰਹਮ ਗਿਆਨੀ ਕੌਣ ਹੁੰਦਾ ਹੈ?

ਇੰਦ੍ਰੀ ਜਿਤ ਪੰਚ ਦੋਖ ਤੇ ਰਹਤ ॥ ਨਾਨਕ ਕੋਟਿ ਮਧੇ ਕੋ ਐਸਾ ਅਪਰਸ ॥੧॥ ਪੰਨਾ 274॥

ਅਪਰਸ ਮਤਲਬ ਬਹੰਗਮ ਯਾਨੀ ਜੋ ਕਿਸੇ ਨੂੰ ਛੂੰਹਦਾ ਵੀ ਨਹੀਂ। ਸੁਖਦੇਵ ਸਿੰਘ ਜੀ ਹੁਣ ਤੁਸੀਂ ਇਹ ਦੱਸੋ ਤੁਸੀਂ ਝੂਠੇ ਹੋ ਯਾ ਗੁਰਬਾਣੀ? ਗੁਰਬਾਣੀ ਝੂਠੀ ਨਹੀਂ ਇਸ ਕਰਕੇ ਸਭ ਡੇਰੇਦਾਰ ਝੂਠੇ ਹਨ।

ਬ੍ਰਹਮ ਗਿਆਨੀ ਕੀ ਗਤਿ ਬ੍ਰਹਮ ਗਿਆਨੀ ਜਾਨੈ ॥

ਡੇਰੇਦਾਰ ਲੋਕ ਬੜਾ ਸੰਘ ਪਾੜ ਪਾੜ ਕੇ ਕਹਿੰਦੇ ਹਨ ਕਿ ਫਲਾਣਾ ਬ੍ਰਹਿਮ ਗਿਆਨੀ, ਫਲਾਣਾ ਪੂਰਨ ਬ੍ਰਹਮ ਗਿਆਨੀ। ਜੇਕਰ ਕੋਈ ਪੂਰਨ ਬ੍ਰਹਮ ਗਿਆਨੀ ਹੈ ਤਾਂ ਕੋਈ ਅੱਧ-ਪਚੱਧਾ ਬ੍ਰਹਮ ਗਿਆਨੀ ਵੀ ਹੋਵੇਗਾ। ਪਰ ਗੁਰਬਾਣੀ ਦੀ ਉੱਪਰ ਲਿਖੀ ਪੰਗਤੀ ਤਾਂ ਇਹ ਦੱਸਦੀ ਹੈ ਕਿ ਬ੍ਰਹਮ ਗਿਆਨੀ ਦੀ ਪਹਿਚਾਣ ਵੀ ਬ੍ਰਹਮ ਗਿਆਨੀ ਹੀ ਕਰ ਸਕਦਾ ਹੈ। ਫਿਰ ਤੁਸੀਂ ਤਾਂ ਕਿਸੇ ਨੂੰ ਬ੍ਰਹਮ ਗਿਆਨੀ ਕਹਿ ਹੀ ਨਹੀਂ ਸਕਦੇ?

ਬ੍ਰਹਮ ਗਿਆਨੀ ਸਭ ਸ੍ਰਿਸਟਿ ਕਾ ਕਰਤਾ ॥ ਬ੍ਰਹਮ ਗਿਆਨੀ ਸਦ ਜੀਵੈ ਨਹੀ ਮਰਤਾ ॥ ਪੰਨਾ 273॥

ਡੇਰੇਦਾਰੋ! ਹੁਣ ਇਹ ਦੱਸੋ ਕਿ ਜਿਸ ਜਿਸ ਨੂੰ ਵੀ ਤੁਸੀਂ ਬ੍ਰਹਮ ਗਿਆਨੀ ਦਾ ਖਿਤਾਬ ਦਿੱਤਾ ਯਾ ਬ੍ਰਹਮ ਗਿਆਨੀ ਪਦ ਨਾਲ ਨਿਵਾਜਿਆ, ਓਹ ਕਿੱਥੇ ਹੈ? ਕੀ ਤੁਹਾਡਾ ਬ੍ਰਹਮ ਗਿਆਨੀ "ਸਭ ਸ੍ਰਿਸਟਿ ਕਾ ਕਰਤਾ" ਸੀ ਤੇ ਉਹ ਹੁਣ ਜਿਉਂਦਾ ਵੀ ਹੈ ਯਾ ਨਰਕਾਂ ਵਿੱਚ ਨਿਵਾਸ ਕਰ ਚੁੱਕਿਆ ਹੈ।

ਬ੍ਰਹਮ ਗਿਆਨੀ ਆਪਿ ਨਿਰੰਕਾਰੁ ॥ ਬ੍ਰਹਮ ਗਿਆਨੀ ਕੀ ਸੋਭਾ ਬ੍ਰਹਮ ਗਿਆਨੀ ਬਨੀ ॥ ਨਾਨਕ ਬ੍ਰਹਮ ਗਿਆਨੀ ਸਰਬ ਕਾ ਧਨੀ ॥੮॥੮॥ ਪੰਨਾ 273-274॥

ਨਾਨਕ ਬ੍ਰਹਮ ਗਿਆਨੀ ਆਪਿ ਪਰਮੇਸੁਰ ॥੬॥ ਪੰਨਾ 273॥

ਉੱਪਰ ਲਿਖੀਆਂ ਪੰਗਤੀਆਂ ਤਾਂ ਕਿਸੇ ਵੀ ਮਨੁੱਖ ਦੇ ਢਕੌਂਸਲੇ ਨੂੰ, ਜਿਸ ਨੇ ਵੀ ਮਾਂ ਪਿਓ ਦੇ ਮੇਲ ਤੋਂ ਜਨਮ ਲਿਆ ਹੈ, ਬ੍ਰਹਮ ਗਿਆਨੀ ਬਣਨ ਨੂੰ ਯਾ ਬ੍ਰਹਮ ਗਿਆਨੀ ਹੋਣ ਦੇ ਦਾਹਵੇ ਨੂੰ ਨਿਕਾਰਦੀਆਂ ਹਨ।

ਪਾਰਬ੍ਰਹਮੁ ਸਾਧ ਰਿਦ ਬਸੈ ॥ ਨਾਨਕ ਉਧਰੈ ਸਾਧ ਸੁਨਿ ਰਸੈ ॥੬॥ ਪੰਨਾ 272॥

ਨਾਨਕ ਸਾਧ ਪ੍ਰਭ ਭੇਦੁ ਨ ਭਾਈ ॥੮॥੭॥ ਪੰਨਾ 272॥

ਜਦੋਂ ਕਿਸੇ ਵੀ ਮਨੁੱਖੀ ਜੀਵ ਦੇ ਅੰਦਰ, ਹਿਰਦੇ ਦੇ ਵਿੱਚ ਪ੍ਰਮਾਤਮਾ ਦੇ ਗੁਣ ਵਸ ਜਾਂਦੇ ਹਨ ਤਾਂ ਉਸ ਜੀਵ ਅਤੇ ਪ੍ਰਮਾਤਮਾ ਵਿਚ ਕੋਈ ਭੇਦ ਨਹੀਂ ਰਹਿ ਜਾਂਦਾ। ਪਰ ਤੁਸੀਂ ਤਾਂ ਉਹ ਲੋਕ ਹੋ ਜੋ ਲੋਕਾਂ ਦੀਆਂ ਧੀਆਂ ਭੈਣਾਂ ਦੀਆਂ ਇੱਜ਼ਤਾਂ ਲੁਟਦੇ ਹੋ, ਜ਼ਮੀਨ ਜ਼ਾਇਦਾਦ ਪਿੱਛੇ ਗੋਲੀਆਂ ਨਾਲ ਬੰਦੇ ਭੁੰਨਦੇ ਹੋ, ਕਤਲ ਕਰਦੇ ਹੋ, ਗੁਰਬਾਣੀ ਦਾ ਸਰੂਪ ਵੀ ਵਿਗਾੜਦੇ ਹੋ। ਹੁਣ ਦੱਸੋ ਤੁਸੀਂ ਪ੍ਰਮਾਰਥ ਦਾ ਰਸਤਾ ਦਿਖਾਉਣ ਵਾਲੇ ਹੋ ਯਾ ਚੋਰ ਠੱਗ?

PERSONAL CONTACT NOTICE

To,
Rupinder Kaur, daughter of Late Harbans Singh Sandhu
If you are reading this notice, please contact Rajdeep Singh regarding an important personal matter.
You may contact me at:Phone: 669-290-3084
Email: Rajdeepsinghpooni72@gmail.com
This notice is published solely to request contact.

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001


JVS LOGISTICS
2345 Enterprise Park Place Indianapolis Indiana, 46218
• ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
• ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
• ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ
• ਕਰਾਸ ਡੌਕ ਸੇਵਾਵਾਂ
• ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
• ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
• ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
• ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
jvslogisticsllc@outlook.com
JUGDEV SAMRA (317) 379-4065
SUKHDEV SAMRA (317) 250-3545
ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੰਿਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

### 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕੱਿਸੇ:**

**2017 ਗੁੜਗਾਂਵ:**
**7 ਸਾਲਾਂ ਵੱਿਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵੱਿਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵੱਿਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਵੇਅਰਹਾਊਸ: ਸੈਂਕੜੇ ਜੌਬਾਂ ਨੂੰ ਬਾਏ-ਬਾਏ-ਭਾਰਤੀ 'ਟਾਟਾ' ਨੂੰ ਹੈਲੋ ਹਾਇ

## ਨਿਊਜ਼ੀਲੈਂਡ ਦੇ ਵੱਡੇ ਕਾਰੋਬਾਰੀ ਸਮੂਹ 'ਚ ਵੱਡੀ ਛਾਂਟੀ ਤਹਿਤ 270 ਨੌਕਰੀਆਂ ਖਤਮ ਕਰਕੇ ਘਟਾਇਆ ਜਾਵੇਗਾ ਖਰਚੇ ਦਾ ਭਾਰ

ਆਕਲੈਂਡ
ਸਾਂਝੀ ਸੋਚ ਬਿਊਰੋ

ਨਿਊਜ਼ੀਲੈਂਡ ਦੀ ਇਕ ਵੱਡੀ ਕਾਰੋਬਾਰੀ ਕੰਪਨੀ 'ਦਾ ਵੇਅਰਹਾਊਸ' ਭਾਰੀ ਫੈਸਲਾ ਲੈਂਦਿਆਂ ਆਪਣਾ ਐਡਮਿਨ (ਪ੍ਰਸ਼ਾਸਨਿਕ) ਕੰਮ ਭਾਰਤ ਦੀ ਪ੍ਰਸਿੱਧ ਇਨਫਰਮੇਸ਼ਨ ਟਕਨਾਲੋਜੀ ਕੰਪਨੀ 'ਟਾਟਾ ਕੰਸਲਟੈਂਸੀ ਸਰਵਿਸ' ਨੂੰ ਦੇਣ ਦਾ ਫੈਸਲਾ ਕੀਤਾ ਹੈ। ਮੁਕਤ ਵਪਾਰ ਸਮਝੌਤੇ ਦੇ ਪ੍ਰਭਾਵ ਦੇ ਚਲਦਿਆਂ ਹੁਣ ਨਿਊਜ਼ੀਲੈਂਡ ਦੀ ਤਰੱਕੀ ਦੇ ਵਿਚ ਭਾਰਤ ਦੀ ਹੈ ਵਾਰੀ ਆਈ ਜਾਪਦੀ ਹੈ ਅਤੇ ਇਹ ਕਾਫੀ ਅੱਗੇ ਤੱਕ ਜਾਵੇਗੀ।

ਵਰਨਣਯੋਗ ਹੈ ਕਿ 'ਵੇਅਰਹਾਊਸ ਗਰੁੱਪ' ਆਪਣੇ ਮੁੱਖ ਦਫ਼ਤਰ ਦੀਆਂ 270 ਨੌਕਰੀਆਂ ਵਿੱਚ ਕਟੌਤੀ ਕਰ ਰਿਹਾ ਹੈ, ਕੰਮ ਵਿਦੇਸ਼ਾਂ ਵਿੱਚ ਆਊਟਸੋਰਸ ਕਰਨ ਦੀ ਯੋਜਨਾ ਹੈ। ਭਾਰਤ ਇਸਦੇ ਵਿਚ ਪ੍ਰਮੁੱਖ ਦੇਸ਼ ਹੋਵੇਗਾ। ਵੇਅਰਹਾਊਸ ਗਰੁੱਪ ਆਪਣੇ ਵਪਾਰਕ ਖਰਚਿਆਂ ਨੂੰ ਘਟਾਉਣ ਦੀ ਮੁਹਿੰਮ ਦੇ ਹਿੱਸੇ ਵਜੋਂ ਆਪਣੀ ਹੈੱਡ ਆਫਿਸ ਟੀਮ ਵਿੱਚ ਸੈਂਕੜੇ ਅਹੁਦਿਆਂ ਦੀ ਕਟੌਤੀ ਕਰ ਰਿਹਾ ਹੈ, ਜਿਸ ਵਿੱਚ ਕਈ ਪ੍ਰਸ਼ਾਸਨਿਕ ਕੰਮਾਂ ਨੂੰ ਵਿਦੇਸ਼ਾਂ ਵਿੱਚ ਆਊਟਸੋਰਸ ਕੀਤਾ ਜਾਵੇਗਾ।

ਵੇਅਰਹਾਊਸ ਗਰੁੱਪ ਦੇ ਮੁੱਖ ਕਾਰਜਕਾਰੀ ਮਾਰਕ ਸਟਰਟਨ ਨੇ ਕਿਹਾ ਕਿ ਕੰਪਨੀ ਦਾ ਮੌਜੂਦਾ ਖਰਚਾ ਇੱਕ 'ਵੈਲਯੂ ਰਿਟੇਲਰ' (ਸਸਤਾ




ਸਾਮਾਨ ਵੇਚਣ ਵਾਲੇ) ਲਈ ਟਿਕਾਊ ਨਹੀਂ ਸੀ। ਉਨ੍ਹਾਂ ਕਿਹਾ, "ਨਿਊਜ਼ੀਲੈਂਡ ਦੇ ਸਭ ਤੋਂ ਵੱਡੇ ਰਿਟੇਲ ਮਾਲਕਾਂ ਵਿੱਚੋਂ ਇੱਕ ਹੋਣ ਦੇ ਨਾਤੇ, ਸਾਨੂੰ ਦੇਸ਼ ਭਰ ਵਿੱਚ ਆਪਣੇ 10,000 ਟੀਮ ਮੈਂਬਰਾਂ ਅਤੇ ਉਹਨਾਂ ਦੇ ਪਰਿਵਾਰਾਂ ਲਈ ਇਹ ਮੁਸ਼ਕਲ ਫੈਸਲੇ ਲੈਣੇ ਪੈਣਗੇ। ਇਸੇ ਤਹਿਤ ਗਰੁੱਪ ਆਪਣੇ ਹੈੱਡ ਆਫਿਸ ਵਿੱਚੋਂ 270 ਅਹੁਦਿਆਂ ਦੀ ਕਟੌਤੀ ਕਰਨ ਜਾ ਰਿਹਾ ਹੈ, ਜਿਸ ਨਾਲ ਕਰਮਚਾਰੀਆਂ ਦੀ ਗਿਣਤੀ ਲਗਭਗ 990 ਤੋਂ ਘਟ ਕੇ 720 ਰਹਿ ਜਾਵੇਗੀ। ਇਸ ਪੁਨਰਗਠਨ ਕਾਰਨ ਗਰੁੱਪ ਨੂੰ 2026 ਦੇ ਵਿੱਤੀ ਸਾਲ ਵਿੱਚ ਲਗਭਗ 6 ਮਿਲੀਅਨ ਦਾ ਰਿਡੰਡੈਂਸੀ (ਛਾਂਟੀ) ਖਰਚਾ ਪਵੇਗਾ, ਪਰ ਭਵਿੱਖ ਦੇ ਵਿਚ ਵੱਡੀ ਬੱਚਤ ਹੋਵੇਗੀ।

ਨਵੇਂ ਓਪਰੇਟਿੰਗ ਢਾਂਚੇ ਦੇ ਤਹਿਤ, ਟਾਟਾ ਕੰਸਲਟੈਂਸੀ ਸਰਵਿਸ ਤਕਨਾਲੋਜੀ, ਅਕਾਊਂਟਿੰਗ, ਕਾਲ ਸੈਂਟਰ ਅਤੇ ਪੇਰੋਲ ਸਮੇਤ ਕਈ ਕਾਰਪੋਰੇਟ ਅਤੇ ਪ੍ਰਸ਼ਾਸਨਿਕ ਕੰਮਾਂ ਵਿੱਚ ਸਹਾਇਤਾ ਕਰੇਗਾ। ਟਾਟਾ ਗਰੁੱਪ ਨੂੰ ਆਧੁਨਿਕ ਪਲੇਟਫਾਰਮਾਂ, ਸਮਰੱਥਾ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਤੱਕ ਪਹੁੰਚ ਪ੍ਰਦਾਨ ਕਰੇਗਾ।

ਵੇਅਰਹਾਊਸ ਗਰੁੱਪ ਦੀ ਇੱਕ ਮਹਿਲਾ ਬੁਲਾਰੇ ਨੇ ਪੁਸ਼ਟੀ ਕੀਤੀ ਕਿ 'ਟਾਟਾ' ਦੀ ਨਿਊਜ਼ੀਲੈਂਡ ਵਿੱਚ ਮੌਜੂਦਗੀ ਘੱਟ ਹੈ, ਇਸ ਲਈ ਜ਼ਿਆਦਾਤਰ ਅਹੁਦੇ ਵਿਦੇਸ਼ਾਂ (ਮੁੱਖ ਤੌਰ 'ਤੇ ਭਾਰਤ) ਵਿੱਚ ਹੋਣਗੇ। ਉਮੀਦ ਹੈ ਕਿ ਇਹ ਨਵਾਂ ਢਾਂਚਾ 2026 ਦੇ ਵਿੱਤੀ ਸਾਲ ਵਿੱਚ ਲਗਭਗ 3 ਮਿਲੀਅਨ ਤੋਂ 4 ਮਿਲੀਅਨ ਦੀ ਲੇਬਰ ਲਾਗਤ ਦੀ ਬਚਤ ਕਰੇਗਾ ਅਤੇ 2031 ਦੇ ਵਿੱਤੀ ਸਾਲ ਤੱਕ ਸਾਲਾਨਾ ਬਚਤ ਲਗਭਗ 17 ਮਿਲੀਅਨ ਤੱਕ ਵਧਣ ਦੀ ਉਮੀਦ ਹੈ। ਕੰਪਨੀ ਦਾ ਉਦੇਸ਼ ਪੰਜ ਸਾਲਾਂ ਵਿੱਚ ਕੁੱਲ 70 ਮਿਲੀਅਨ ਦੀ ਬਚਤ ਕਰਨਾ ਹੈ।

# ਵੱਡਾ ਹਾਦਸਾ! ਯਾਤਰੀਆਂ ਨਾਲ ਭਰੇ ਏਅਰ ਇੰਡੀਆ ਅਤੇ ਇੰਡੀਗੋ ਦੇ ਜਹਾਜ਼ਾਂ ਦੀ ਰਨਵੇਅ 'ਤੇ ਟੱਕਰ

ਮੁੰਬਈ
ਸਾਂਝੀ ਸੋਚ ਬਿਊਰੋ

ਮੁੰਬਈ ਦੇ ਛਤਰਪਤੀ ਸ਼ਿਵਾਜੀ ਮਹਾਰਾਜ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਇੱਕ ਵੱਡਾ ਹਾਦਸਾ ਹੋਣ ਤੋਂ ਟਲ ਗਿਆ। ਦੇਸ਼ ਦੀਆਂ ਦੋ ਪ੍ਰਮੁੱਖ ਏਅਰਲਾਈਨਾਂ, ਏਅਰ ਇੰਡੀਆ ਅਤੇ ਇੰਡੀਗੋ ਦੇ ਜਹਾਜ਼ ਟਕਰਾ ਗਏ। ਖੁਸ਼ਕਿਸਮਤੀ ਨਾਲ, ਟੱਕਰ ਵਿੱਚ ਕੋਈ ਯਾਤਰੀ ਜ਼ਖਮੀ ਨਹੀਂ ਹੋਇਆ, ਪਰ ਸੁਰੱਖਿਆ ਕਾਰਨਾਂ ਕਰਕੇ, ਦੋਵਾਂ ਜਹਾਜ਼ਾਂ ਨੂੰ ਤੁਰੰਤ ਗ੍ਰਾਊਂਡ ਕਰ ਦਿੱਤਾ ਗਿਆ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਏਅਰ ਇੰਡੀਆ ਦਾ ਜਹਾਜ਼ ਟੇਕਆਫ ਦੀ ਤਿਆਰੀ ਕਰ ਰਿਹਾ ਸੀ ਅਤੇ ਇੰਡੀਗੋ ਜਹਾਜ਼ ਲੈਂਡਿੰਗ ਤੋਂ ਬਾਅਦ ਪਾਰਕਿੰਗ ਲਾਟ ਦੇ ਨੇੜੇ ਆ ਰਿਹਾ ਸੀ। ਮੁੰਬਈ ਤੋਂ ਕੋਇੰਬਟੂਰ ਜਾ ਰਹੀ ਫਲਾਈਟ ਏਆਈ 2732, ਟੇਕਆਫ ਲਈ ਪੁਸ਼ਬੈਕ ਸਥਿਤੀ ਵਿੱਚ ਸੀ। ਉਸੇ ਸਮੇਂ, ਹੈਦਰਾਬਾਦ ਤੋਂ ਆ ਰਹੀ ਇੰਡੀਗੋ ਫਲਾਈਟ 6ਈ 791, ਲੈਂਡਿੰਗ ਤੋਂ ਬਾਅਦ ਟੈਕਸੀਵੇਅ ਤੋਂ ਲੰਘ ਰਹੀ ਸੀ। ਦੋਵਾਂ ਜਹਾਜ਼ਾਂ ਦੇ ਖੰਭ ਇੱਕ ਦੂਜੇ ਦੇ ਬਹੁਤ ਨੇੜੇ ਆ ਗਏ, ਜਿਸ ਕਾਰਨ ਟੱਕਰ ਹੋ ਗਈ। ਦੋਵਾਂ ਜਹਾਜ਼ਾਂ ਦੇ ਸੱਜੇ ਖੰਭਾਂ ਦੇ ਸਿਰੇ ਟਕਰਾ ਗਏ। ਟੱਕਰ ਕਾਰਨ ਜਹਾਜ਼ਾਂ ਵਿੱਚ ਝਟਕਾ ਲੱਗਿਆ, ਜਿਸ ਨਾਲ ਯਾਤਰੀਆਂ ਵਿੱਚ ਥੋੜ੍ਹੀ ਦੇਰ ਲਈ ਦਹਿਸ਼ਤ ਫੈਲ ਗਈ। ਖੁਸ਼ਕਿਸਮਤੀ ਨਾਲ, ਇਸ ਘਟਨਾ ਵਿੱਚ ਸਾਰੇ ਯਾਤਰੀ ਪੂਰੀ ਤਰ੍ਹਾਂ ਸੁਰੱਖਿਅਤ ਹਨ ਅਤੇ ਕੋਈ ਵੀ ਜ਼ਖਮੀ ਨਹੀਂ ਹੋਇਆ। ਦੁਰਘਟਨਾ ਦੇ ਸਮੇਂ ਦੋਵੇਂ ਜਹਾਜ਼ ਯਾਤਰੀਆਂ ਨਾਲ ਭਰੇ ਹੋਏ ਸਨ। ਟੱਕਰ ਤੋਂ ਤੁਰੰਤ ਬਾਅਦ ਏਟੀਸੀ ਅਤੇ ਗਰਾਊਂਡ ਸਟਾਫ ਨੇ ਕਾਰਵਾਈ ਕੀਤੀ। ਇਹ ਰਾਹਤ ਦੀ ਗੱਲ ਹੈ ਕਿ ਸਾਰੇ ਯਾਤਰੀ ਪੂਰੀ ਤਰ੍ਹਾਂ ਸੁਰੱਖਿਅਤ ਹਨ। ਏਅਰਲਾਈਨਾਂ ਨੇ ਯਾਤਰੀਆਂ ਨੂੰ ਸੁਰੱਖਿਅਤ ਕੱਢਣ



ਅਤੇ ਉਨ੍ਹਾਂ ਨੂੰ ਦੂਜੇ ਜਹਾਜ਼ਾਂ ਰਾਹੀਂ ਉਨ੍ਹਾਂ ਦੀਆਂ ਮੰਜ਼ਿਲਾਂ 'ਤੇ ਭੇਜਣ ਦੇ ਪ੍ਰਬੰਧ ਕੀਤੇ ਹਨ। ਦੋਵੇਂ ਜਹਾਜ਼ਾਂ ਨੂੰ ਜ਼ਮੀਨ 'ਤੇ ਉਤਾਰਿਆ ਗਿਆ, ਜਾਂਚ ਸ਼ੁਰੂ: ਹਾਦਸੇ ਤੋਂ ਬਾਅਦ ਦੋਵਾਂ ਜਹਾਜ਼ਾਂ ਦੇ ਵਿੰਗਾਂ ਨੂੰ ਨੁਕਸਾਨ ਪਹੁੰਚਿਆ। ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ ਨੂੰ ਘਟਨਾ ਦੀ ਜਾਣਕਾਰੀ ਦੇ ਦਿੱਤੀ ਗਈ ਹੈ ਅਤੇ ਇਹ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਕਿ ਜ਼ਮੀਨੀ ਕਲੀਅਰੈਂਸ ਅਸਫਲਤਾ ਕਿੱਥੇ ਹੋਈ। ਵਰਤਮਾਨ ਵਿੱਚ, ਮੁਰੰਮਤ ਅਤੇ ਜਾਂਚ ਲਈ ਦੋਵਾਂ ਜਹਾਜ਼ਾਂ ਨੂੰ ਜ਼ਮੀਨ 'ਤੇ ਉਤਾਰਿਆ ਗਿਆ ਹੈ। ਘਟਨਾ ਤੋਂ ਤੁਰੰਤ ਬਾਅਦ, ਦੋਵਾਂ ਏਅਰਲਾਈਨਾਂ ਨੇ ਸਥਿਤੀ ਨੂੰ ਸਪੱਸ਼ਟ ਕਰਦੇ ਹੋਏ ਅਧਿਕਾਰਤ ਬਿਆਨ ਜਾਰੀ ਕੀਤੇ। ਏਅਰ ਇੰਡੀਆ ਦੇ ਬੁਲਾਰੇ ਨੇ ਕਿਹਾ ਕਿ ਟੈਕਸੀਵੇਅ 'ਤੇ ਉਡੀਕ ਕਰਦੇ ਸਮੇਂ ਉਨ੍ਹਾਂ ਦੇ ਜਹਾਜ਼ ਦੇ ਖੰਭਾਂ ਨੂੰ ਨੁਕਸਾਨ ਪਹੁੰਚਿਆ ਸੀ, ਅਤੇ ਸਾਵਧਾਨੀ ਵਜੋਂ ਜਹਾਜ਼ ਨੂੰ ਜ਼ਮੀਨ 'ਤੇ ਰੱਖਿਆ ਗਿਆ ਸੀ ਅਤੇ ਤਕਨੀਕੀ ਜਾਂਚ ਸ਼ੁਰੂ ਕੀਤੀ ਗਈ ਸੀ। ਯਾਤਰੀਆਂ ਨੂੰ ਸੁਰੱਖਿਅਤ ਉਤਾਰ ਦਿੱਤਾ ਗਿਆ ਸੀ, ਅਤੇ ਉਨ੍ਹਾਂ ਦੀ ਮੰਜ਼ਿਲ ਤੱਕ ਉਡਾਣ ਨੂੰ ਯਕੀਨੀ ਬਣਾਉਣ ਲਈ ਵਿਕਲਪਿਕ ਪ੍ਰਬੰਧ ਕੀਤੇ ਜਾ ਰਹੇ ਹਨ। ਇੰਡੀਗੋ ਦੇ ਬੁਲਾਰੇ ਨੇ ਵੀ ਪੁਸ਼ਟੀ ਕੀਤੀ ਕਿ ਲੈਂਡਿੰਗ ਤੋਂ ਬਾਅਦ ਪਾਰਕਿੰਗ ਲਾਟ ਦੇ ਨੇੜੇ ਪਹੁੰਚਦੇ ਸਮੇਂ ਉਨ੍ਹਾਂ ਦੇ ਜਹਾਜ਼ ਦੇ ਵਿੰਗਟਿਪ ਦੂਜੇ ਜਹਾਜ਼ ਨਾਲ ਟਕਰਾ ਗਏ। ਇੰਡੀਗੋ ਨੇ ਕਿਹਾ ਕਿ ਸਥਾਪਿਤ ਪ੍ਰੋਟੋਕੋਲ ਦੇ ਅਨੁਸਾਰ ਇਸ ਘਟਨਾ ਦੀ ਰਿਪੋਰਟ ਅਧਿਕਾਰੀਆਂ ਨੂੰ ਦਿੱਤੀ ਗਈ ਹੈ, ਅਤੇ ਜਹਾਜ਼ ਦਾ ਰੱਖ-ਰਖਾਅ ਨਿਰੀਖਣ ਕੀਤਾ ਜਾ ਰਿਹਾ ਹੈ। ਦੋਵੇਂ ਏਅਰਲਾਈਨਾਂ ਨੇ ਕਿਹਾ ਕਿ ਯਾਤਰੀ ਸੁਰੱਖਿਆ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ। ਮੁੰਬਈ ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ (ਡੀਜੀਸੀਏ) ਦੇ ਅਧਿਕਾਰੀ ਤੁਰੰਤ ਘਟਨਾ ਸਥਾਨ 'ਤੇ ਪਹੁੰਚੇ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਤਕਨੀਕੀ ਰਿਪੋਰਟ ਦੇ ਅਨੁਸਾਰ, ਦੋਵੇਂ ਜਹਾਜ਼ ਏਅਰਬੱਸ ਏ320 ਮਾਡਲ ਹਨ। ਟੱਕਰ ਉਦੋਂ ਹੋਈ ਜਦੋਂ ਏਅਰ ਇੰਡੀਆ ਦਾ ਜਹਾਜ਼ ਟੈਕਸੀਵੇਅ ਸੀ1 ਤੋਂ ਐਮ4 ਵੱਲ ਵਧ ਰਿਹਾ ਸੀ, ਜਦੋਂ ਕਿ ਇੰਡੀਗੋ ਜਹਾਜ਼ ਟੈਕਸੀਵੇਅ ਬੀ। ਵਿੱਚ ਸ਼ਾਮਲ ਹੋ ਰਿਹਾ ਸੀ। ਇਸ ਸਮੇਂ ਦੌਰਾਨ, ਦੋਵਾਂ ਜਹਾਜ਼ਾਂ ਦੇ ਸੱਜੇ ਵਿੰਗਟਿਪ ਇੱਕ ਦੂਜੇ ਨਾਲ ਟਕਰਾ ਗਏ। ਦੋਵਾਂ ਜਹਾਜ਼ਾਂ ਨੂੰ ਨਿਰੀਖਣ ਲਈ ਖਾੜੀ ਵਿੱਚ ਵਾਪਸ ਭੇਜ ਦਿੱਤਾ ਗਿਆ ਹੈ। ਡੀਜੀਸੀਏ ਇਸ ਗੱਲ ਦੀ ਜਾਂਚ ਕਰ ਰਿਹਾ ਹੈ ਕਿ ਜ਼ਮੀਨੀ ਕਲੀਅਰੈਂਸ ਵਿੱਚ ਕਿੱਥੇ ਅਤੇ ਕਿਸ ਪੱਧਰ 'ਤੇ ਕਮੀ ਆਈ।

# ਦਿਲ ਦਹਿਲਾਉਣ ਵਾਲੀ ਵਾਰਦਾਤ! 3 ਸਕੀਆਂ ਭੈਣਾਂ ਨੇ 9ਵੀਂ ਮੰਜ਼ਿਲ ਤੋਂ ਛਾਲ ਮਾਰ ਕੇ ਕੀਤੀ ਖੁਦਕੁਸ਼ੀ

ਗਾਜ਼ੀਆਬਾਦ
ਸਾਂਝੀ ਸੋਚ ਬਿਊਰੋ


ਉੱਤਰ ਪ੍ਰਦੇਸ਼ ਦੇ ਗਾਜ਼ੀਆਬਾਦ ਵਿੱਚ ਇੱਕ ਬੇਹੱਦ ਖੌਫਨਾਕ ਅਤੇ ਦੁਖਦਾਈ ਘਟਨਾ ਸਾਹਮਣੇ ਆਈ ਹੈ। ਇੱਥੇ ਇੱਕ ਹਾਊਸਿੰਗ ਸੁਸਾਇਟੀ ਦੀ 9ਵੀਂ ਮੰਜ਼ਿਲ ਤੋਂ ਤਿੰਨ ਸਗੀਆਂ ਭੈਣਾਂ ਨੇ ਇੱਕ-ਦੂਜੇ ਦਾ ਹੱਥ ਫੜ ਕੇ ਮੌਤ ਦੀ ਛਾਲ ਮਾਰ ਦਿੱਤੀ। ਇਸ ਘਟਨਾ ਨੇ ਪੂਰੇ ਇਲਾਕੇ ਵਿੱਚ ਸਹਿਮ ਦਾ ਮਾਹੌਲ ਪੈਦਾ ਕਰ ਦਿੱਤਾ ਹੈ।

ਪੁਲਿਸ ਮੁਤਾਬਕ ਇਹ ਘਟਨਾ ਰਾਤ ਕਰੀਬ 2 ਵਜੇ ਵਾਪਰੀ। ਮ੍ਰਿਤਕ ਭੈਣਾਂ ਦੀ ਪਛਾਣ ਨਿਸ਼ਿਕਾ (16 ਸਾਲ), ਪ੍ਰਾਚੀ (14 ਸਾਲ) ਅਤੇ ਪਾਖੀ (12 ਸਾਲ) ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਤਿੰਨਾਂ ਭੈਣਾਂ ਨੇ ਬਾਲਕਨੀ ਤੋਂ ਇਕੱਠਿਆਂ ਛਾਲ ਮਾਰੀ।

ਰਾਤ ਦੇ ਸਮੇਂ ਜ਼ੋਰਦਾਰ ਆਵਾਜ਼ ਸੁਣ ਕੇ ਸੁਸਾਇਟੀ ਦੇ ਲੋਕ ਇਕੱਠੇ ਹੋ ਗਏ, ਜਿਨ੍ਹਾਂ ਨੇ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ। ਮੁੱਢਲੀ ਜਾਂਚ ਵਿੱਚ ਇੱਕ ਹੈਰਾਨ ਕਰਨ ਵਾਲਾ ਪਹਿਲੂ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਤਿੰਨਾਂ ਭੈਣਾਂ ਨੂੰ ਆਨਲਾਈਨ ਗੇਮਾਂ ਖੇਡਣ ਦੀ ਬਹੁਤ ਜ਼ਿਆਦਾ ਆਦਤ ਸੀ। ਉਹ ਇੱਕ ਟਾਸਕ-ਬੇਸਡ ਗੇਮ ਖੇਡਦੀਆਂ ਸਨ। ਇਹ ਵੀ ਸਾਹਮਣੇ ਆਇਆ ਹੈ ਕਿ ਉਹ ਹਰ ਕੰਮ ਇਕੱਠੇ ਕਰਦੀਆਂ ਸਨ ਅਤੇ ਇਸ ਗੇਮ ਦੇ ਪ੍ਰਭਾਵ ਹੇਠ ਸਨ। ਹਾਲਾਂਕਿ ਪੁਲਿਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ, ਪਰ ਅਜੇ ਤੱਕ ਖੁਦਕੁਸ਼ੀ ਦਾ ਕੋਈ ਸਪੱਸ਼ਟ ਕਾਰਨ ਜਾਂ ਕੋਈ ਸੁਸਾਈਡ ਨੋਟ ਬਰਾਮਦ ਨਹੀਂ ਹੋਇਆ ਹੈ।

ਪੁਲਿਸ ਵੱਲੋਂ ਉਨ੍ਹਾਂ ਦੇ ਮੋਬਾਈਲ ਫੋਨ ਅਤੇ ਗੇਮਿੰਗ ਹਿਸਟਰੀ ਨੂੰ ਖੰਗਾਲਿਆ ਜਾ ਰਿਹਾ ਹੈ ਤਾਂ ਜੋ ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗ ਸਕੇ।

ਪੁਲਿਸ ਦਾ ਬਿਆਨ ਹੈ ਕਿ "ਅਸੀਂ ਸਾਰੇ ਪਹਿਲੂਆਂ ਤੋਂ ਜਾਂਚ ਕਰ ਰਹੇ ਹਾਂ। ਬੱਚਿਆਂ ਦੇ ਫੋਨ ਕਬਜ਼ੇ ਵਿੱਚ ਲੈ ਲਏ ਗਏ ਹਨ। ਇਹ ਦੇਖਣਾ ਬਾਕੀ ਹੈ ਕਿ ਕੀ ਕਿਸੇ ਖਾਸ ਆਨਲਾਈਨ ਟਾਸਕ ਨੇ ਉਨ੍ਹਾਂ ਨੂੰ ਅਜਿਹਾ ਕਦਮ ਚੁੱਕਣ ਲਈ ਮਜਬੂਰ ਕੀਤਾ।




JK TYRE INC
JKTYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
STEER TIRE
295/75R22.5
With Installation
Singh: 510-766-9382
Firestone FS591
SPECIAL OFFER !!
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY
Feel the difference
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841 +1-917-915-4142
FREMONT, CA
3155 KEARNEY ST, SUITE #248, FREMONT, CA 94538 +1-510-657-6444
NEW YORK, NY
108-14 JAMAICA AVENUE, RICHMOND HILL, NY 11418 +1-718-533-8444
FRESNO, CA
1625 E SHAW AVE #122, FRESNO, CA 93711 +1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820 +1-732-453-6699
LOS ANGELES, CA
1013 N BEGONIA AVE, ONTARIO, CA 91762 +1-917-915-4142
CONTACT
+1-917-915-4142
Jaspreetsinghlaoffice@gmail.com


ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# ਰੋਹਿਤ ਸ਼ੈੱਟੀ ਦੇ ਘਰ ਦੇ ਬਾਹਰ ਫਾਇਰਿੰਗ ਦੀ ਲਾਰੈਂਸ ਗੈਂਗ ਨੇ ਲਈ ਜ਼ਿੰਮੇਵਾਰੀ

ਮੁੰਬਈ
ਸਾਂਝੀ ਸੋਚ ਬਿਊਰੋ

ਮੁੰਬਈ ਦੇ ਜੁਹੂ ਇਲਾਕੇ ਵਿੱਚ ਸਥਿਤ ਮਸ਼ਹੂਰ ਫਿਲਮ ਨਿਰਦੇਸ਼ਕ ਰੋਹਿਤ ਸ਼ੈੱਟੀ ਦੇ ਘਰ ਦੇ ਬਾਹਰ ਦੇਰ ਰਾਤ ਹੋਈ ਗੋਲੀਬਾਰੀ ਨੇ ਪੂਰੀ ਇੰਡਸਟਰੀ ਵਿਚ ਸਨਸਨੀ ਫੈਲਾ ਦਿੱਤੀ ਹੈ। ਇਸ ਹਮਲੇ ਦੀ ਜ਼ਿੰਮੇਵਾਰੀ ਕੁਖਿਆਤ ਲਾਰੈਂਸ ਬਿਸ਼ਨੋਈ ਗੈਂਗ ਨੇ ਲਈ ਹੈ। ਘਟਨਾ ਦੇ ਸਮੇਂ ਰੋਹਿਤ ਸ਼ੈੱਟੀ ਆਪਣੇ ਘਰ ਦੇ ਅੰਦਰ ਹੀ ਮੌਜੂਦ ਸਨ, ਹਾਲਾਂਕਿ ਇਸ ਹਮਲੇ ਵਿਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖ਼ਬਰ ਨਹੀਂ ਹੈ। ਸੂਤਰਾਂ ਅਨੁਸਾਰ, ਇਹ ਘਟਨਾ ਸ਼ਨੀਵਾਰ ਦੇਰ ਰਾਤ ਦੀ ਹੈ, ਜਦੋਂ 'ਸ਼ੈੱਟੀ ਟਾਵਰ' ਦੇ ਬਾਹਰ ਕਈ ਰਾਊਂਡ ਫਾਇਰਿੰਗ ਕੀਤੀ ਗਈ। ਮੁੱਢਲੀ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਹਮਲਾਵਰ ਬਾਈਕ 'ਤੇ ਆਇਆ ਸੀ ਅਤੇ ਉਸਨੇ ਪੈਦਲ ਚੱਲਦਿਆਂ ਇਮਾਰਤ ਵੱਲ ਚਾਰ ਤੋਂ ਪੰਜ ਰਾਊਂਡ ਫਾਇਰ ਕੀਤੇ। ਸੀ.ਸੀ.ਟੀ.ਵੀ. ਵਿਚ ਹਮਲਾਵਰ ਨੂੰ ਚੱਲਦੇ ਹੋਏ ਫਾਇਰਿੰਗ ਕਰਦੇ ਦੇਖਿਆ ਗਿਆ ਹੈ।

ਸ਼ੁਭਮ ਲੋਨਕਰ ਆਰਜ਼ੂ ਬਿਸ਼ਨੋਈ ਅਤੇ ਹੈਰੀ ਬਾਕਸਰ ਹਰਮਨ ਸੰਧੂ ਨਾਮ ਦੇ ਵਿਅਕਤੀਆਂ ਨੇ ਫੇਸਬੁੱਕ 'ਤੇ ਪੋਸਟ ਪਾ ਕੇ ਇਸ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਪੋਸਟ ਵਿਚ ਲਿਖਿਆ ਕਿ ਰੋਹਿਤ ਸ਼ੈੱਟੀ ਨੂੰ ਵਾਰ-ਵਾਰ ਉਨ੍ਹਾਂ ਦੇ ਕੰਮ ਵਿਚ ਦਖ਼ਲ ਨਾ ਦੇਣ ਲਈ ਸੁਨੇਹਾ ਭੇਜਿਆ ਗਿਆ ਸੀ, ਪਰ ਉਹ ਨਹੀਂ ਸਮਝਿਆ। ਗੈਂਗ ਨੇ ਇਸ ਹਮਲੇ ਨੂੰ ਸਿਰਫ਼ ਇੱਕ "ਟ੍ਰੇਲਰ" ਦੱਸਿਆ ਹੈ। ਧਮਕੀ ਦਿੱਤੀ ਗਈ ਹੈ ਕਿ ਜੇਕਰ ਉਹ ਅਜੇ ਵੀ ਨਹੀਂ ਸਮਝਿਆ, ਤਾਂ ਅਗਲੀ ਵਾਰ ਗੋਲੀ ਘਰ ਦੇ ਬਾਹਰ ਨਹੀਂ, ਬਲਕਿ ਉਸ ਦੇ ਬੈੱਡਰੂਮ ਵਿਚ ਚੱਲੇਗੀ। ਇਸ ਦੇ ਨਾਲ ਹੀ ਪੂਰੇ ਬਾਲੀਵੁੱਡ ਨੂੰ ਚਿਤਾਵਨੀ ਵੀ ਦਿੱਤੀ ਗਈ ਹੈ।

ਮੁੰਬਈ ਪੁਲਿਸ ਦੀ ਕ੍ਰਾਈਮ ਬ੍ਰਾਂਚ ਅਤੇ ਜੁਹੂ ਪੁਲਿਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ। ਪੁਲਿਸ ਇਸ ਗੱਲ ਦੀ ਵੀ ਪੜਤਾਲ ਕਰ ਰਹੀ ਹੈ ਕਿ ਕੀ ਇਸ ਹਮਲੇ ਦਾ ਤਰੀਕਾ ਅਦਾਕਾਰ ਸਲਮਾਨ ਖਾਨ ਦੇ ਘਰ ਦੇ ਬਾਹਰ ਹੋਈ ਫਾਇਰਿੰਗ ਨਾਲ ਮਿਲਦਾ-ਜੁਲਦਾ ਹੈ। ਘਟਨਾ ਤੋਂ ਬਾਅਦ ਸ਼ੈੱਟੀ ਟਾਵਰ ਦੇ ਬਾਹਰ ਸੁਰੱਖਿਆ ਦੇ ਸਖ਼ਤ ਪ੍ਰਬੰਧ ਕਰ ਦਿੱਤੇ ਗਏ ਹਨ।

# ਟਰੰਪ ਨੇ ਹੀ ਕਿਉਂ ਕੀਤਾ ਵਪਾਰ ਸਮਝੌਤੇ ਅਤੇ ਟੈਰਿਫ 'ਚ ਕਟੌਤੀ ਦਾ ਐਲਾਨ?

## ਕੇਂਦਰੀ ਮੰਤਰੀ ਪਿਊਸ਼ ਗੋਇਲ ਨੇ ਦੱਸਿਆ ਕਾਰਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਕੇਂਦਰੀ ਵਣਜ ਮੰਤਰੀ ਪਿਊਸ਼ ਗੋਇਲ ਦੀ ਅਮਰੀਕਾ-ਭਾਰਤ ਵਿਚਕਾਰ ਹੋਏ ਵਪਾਰ ਸਮਝੌਤੇ 'ਤੇ ਪ੍ਰਤੀਕਿਰਿਆ ਸਾਹਮਣੇ ਆਈ ਹੈ। ਗੋਇਲ ਨੇ ਇਸ ਸੌਦੇ ਦੀ ਪ੍ਰਸ਼ੰਸਾ ਕਰਦੇ ਹੋਏ ਇਸਨੂੰ ਇੱਕ ਅਜਿਹਾ ਸੌਦਾ ਦੱਸਿਆ ਜੋ ਭਾਰਤ ਨੂੰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ "ਅਸੀਂ ਇਸ ਬਾਰੇ ਸੰਸਦ ਵਿੱਚ ਬੋਲਣਾ ਚਾਹੁੰਦੇ ਸੀ, ਪਰ ਅਸੀਂ ਸਾਰਿਆਂ ਨੇ ਦੇਖਿਆ ਕਿ ਕਿਸ ਤਰ੍ਹਾਂ ਵਿਰੋਧੀ ਧਿਰ ਨੇ ਸੰਸਦ ਵਿੱਚ ਜੋ ਭੈੜਾ ਵਿਵਹਾਰ ਕੀਤਾ। ਉਨ੍ਹਾਂ ਨੇ ਆਸਣ (ਸਪੀਕਰ ਦੀ ਕੁਰਸੀ) ਤੱਕ ਪਹੁੰਚ ਕੇ ਉਨ੍ਹਾਂ ਦਾ ਅਪਮਾਨ ਕੀਤਾ।" ਗੋਇਲ ਨੇ ਕਿਹਾ ਕਿ ਇਸ ਕਰਕੇ ਅਸੀਂ ਸੰਸਦ ਦੀ ਬਜਾਏ ਇੱਥੇ ਜਾਣਕਾਰੀ ਦੇ ਰਹੇ ਹਾਂ।

ਕੇਂਦਰੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕਾ ਨਾਲ ਬਹੁਤ ਉਡੀਕਿਆ ਜਾ ਰਿਹਾ ਵਪਾਰ ਸਮਝੌਤਾ ਪੂਰਾ ਕਰ ਲਿਆ ਹੈ, ਜਿਸ ਲਈ ਪੂਰਾ ਦੇਸ਼ ਉਨ੍ਹਾਂ ਨੂੰ ਵਧਾਈ ਦੇ ਰਿਹਾ ਹੈ। ਗੋਇਲ ਨੇ ਕਿਹਾ ਕਿ ਵਿਰੋਧੀ ਧਿਰ ਦੇ ਇੱਕ ਆਗੂ ਨੇ ਪੁੱਛਿਆ ਕਿ ਟ੍ਰੇਡ ਡੀਲ (ਵਪਾਰਕ ਸਮਝੌਤੇ) ਬਾਰੇ ਰਾਸ਼ਟਰਪਤੀ ਟਰੰਪ ਨੇ ਹੀ ਪਹਿਲਾਂ ਪੋਸਟ ਕਿਉਂ ਕੀਤਾ? ਮੈਂ ਦੱਸ ਦੇਣਾ ਚਾਹੁੰਦਾ ਹਾਂ ਕਿ ਜਦੋਂ ਟੈਰਿਫ ਅਮਰੀਕਾ ਨੇ ਲਗਾਇਆ ਸੀ, ਤਾਂ ਟੈਰਿਫ ਘਟਾਉਣ ਦੀ ਜਾਣਕਾਰੀ ਵੀ ਉੱਥੋਂ ਹੀ ਆਵੇਗੀ। ਇਸ ਦੀ ਜਾਣਕਾਰੀ ਉਨ੍ਹਾਂ ਦੇ ਰਾਸ਼ਟਰਪਤੀ ਟਰੰਪ ਹੀ ਦੇਣਗੇ।

ਉਨ੍ਹਾਂ ਕਿਹਾ "ਮੈਂ ਟਰੰਪ ਦਾ ਵੀ ਧੰਨਵਾਦ ਕਰਨਾ ਚਾਹੁੰਦਾ ਹਾਂ, ਜਿਨ੍ਹਾਂ ਨੇ ਪੀ.ਐਮ ਮੋਦੀ ਦੀ ਮਿੱਤਰਤਾ ਦਾ ਸਤਿਕਾਰ ਕੀਤਾ। ਉਨ੍ਹਾਂ ਨੇ ਪੀ.ਐਮ ਮੋਦੀ ਨੂੰ ਵਿਸ਼ਵ ਦਾ, ਸਾਡੇ ਮੁਕਾਬਲੇਬਾਜ਼ ਦੇਸ਼ਾਂ ਵਿੱਚੋਂ ਸਭ ਤੋਂ ਵਧੀਆ ਟ੍ਰੇਡ ਡੀਲ ਦਿੱਤਾ ਹੈ। ਉਨ੍ਹਾਂ ਨੇ ਸ਼ੁਭਕਾਮਨਾਵਾਂ ਦਿੱਤੀਆਂ ਕਿ ਅੱਗੇ ਚੱਲ ਕੇ ਭਾਰਤ-ਅਮਰੀਕਾ ਦੇ ਸਬੰਧ ਹੋਰ ਮਜ਼ਬੂਤ ਹੋਣ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਦਾ ਸਹਿਯੋਗ ਯਕੀਨੀ ਬਣੇ। ਉਨ੍ਹਾਂ ਕਿਹਾ ਕਿ ਸਮਝੌਤੇ ਦੀ ਪ੍ਰਕਿਰਿਆ ਅਜੇ ਵੀ ਜਾਰੀ ਹੈ, ਪੂਰਾ ਹੋਣ ਤੋਂ ਬਾਅਦ ਦੋਵਾਂ ਦੇਸ਼ਾਂ ਵੱਲੋਂ ਇੱਕ ਸਾਂਝਾ ਬਿਆਨ ਜਾਰੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਸੌਦਾ ਭਾਰਤ ਦੇ ਉੱਜਵਲ ਭਵਿੱਖ ਵੱਲ ਇੱਕ ਵੱਡਾ ਕਦਮ ਹੈ।

# ਜਬਰਨ ਵਸੂਲੀ ਅਤੇ ਗੋਲੀਬਾਰੀ ਦੇ ਦੋਸ਼ ਵਿੱਚ ਕੈਨੇਡਾ 'ਚ ਤਿੰਨ ਪੰਜਾਬੀ ਗ੍ਰਿਫ਼ਤਾਰ: ਫੋਟੋਆਂ ਜਾਰੀ

ਸਰੀ (ਕੈਨੇਡਾ)
ਪੈਰਿਆ ਮਹਿਰਾ



ਕੈਨੇਡਾ ਵਿੱਚ ਸਰੀ ਪੁਲਿਸ ਨੇ ਫਿਰੌਤੀ ਮੰਗਣ ਲਈ ਗੋਲੀਆਂ ਚਲਾਉਣ ਦੇ ਦੋਸ਼ ਵਿੱਚ ਤਿੰਨ ਨੌਜਵਾਨ ਪੰਜਾਬੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਸਰੀ ਪੁਲਿਸ ਨੇ ਉਨ੍ਹਾਂ ਦੀਆਂ ਫੋਟੋਆਂ ਜਾਰੀ ਕੀਤੀਆਂ ਹਨ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸਰੀ ਪੁਲਿਸ ਅਨੁਸਾਰ, ਇਹ ਤਿੰਨੇ ਕੈਨੇਡਾ ਦੇ ਨਾਗਰਿਕ ਨਹੀਂ ਹਨ। ਪੁਲਿਸ ਨੇ ਉਨ੍ਹਾਂ ਦੀ ਰਿਪੋਰਟ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਨੂੰ ਦਿੱਤੀ ਹੈ। ਉਨ੍ਹਾਂ ਦੀ ਇਮੀਗ੍ਰੇਸ਼ਨ ਸਥਿਤੀ ਦੀ ਵੀ ਜਾਂਚ ਕੀਤੀ ਜਾ ਰਹੀ ਹੈ।


ਮੁਲਜ਼ਮਾਂ ਦੀ ਪਛਾਣ 21 ਸਾਲਾ ਹਰਜੋਤ ਸਿੰਘ, 19 ਸਾਲਾ ਤਰਨਵੀਰ ਸਿੰਘ ਅਤੇ 21 ਸਾਲਾ ਦਯਾਜੀਤ ਸਿੰਘ ਵਜੋਂ ਹੋਈ ਹੈ। ਤਿੰਨਾਂ 'ਤੇ ਐਤਵਾਰ ਨੂੰ ਗੋਲੀਬਾਰੀ ਕਰਨ ਦਾ ਦੋਸ਼ ਹੈ। ਸਰੀ ਪੁਲਿਸ ਦਾ ਕਹਿਣਾ ਹੈ ਕਿ ਹਰਜੋਤ ਸਿੰਘ, ਤਰਨਵੀਰ ਸਿੰਘ ਅਤੇ ਦਯਾਜੀਤ ਸਿੰਘ ਬਿਲਿੰਗ ਦੀਆਂ ਫੋਟੋਆਂ ਜਾਰੀ ਕਰਨ ਨਾਲ ਉਨ੍ਹਾਂ ਨੂੰ ਹੋਰ ਪੀੜਤਾਂ ਅਤੇ ਗਵਾਹਾਂ ਨੂੰ ਲੱਭਣ ਵਿੱਚ ਮਦਦ ਮਿਲ ਸਕਦੀ ਹੈ।ਪੁਲਿਸ ਨੇ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਉਨ੍ਹਾਂ ਬਾਰੇ ਕੋਈ ਵੀ ਜਾਣਕਾਰੀ ਸਾਂਝੀ ਕਰਨ। ਪੁਲਿਸ ਨੇ ਜਨਤਾ ਨੂੰ 1 ਫਰਵਰੀ, 2026 ਦੀ ਸਵੇਰ ਜਾਂ ਉਸ ਤੋਂ ਪਹਿਲਾਂ ਉਨ੍ਹਾਂ ਦੀਆਂ ਗਤੀਵਿਧੀਆਂ ਬਾਰੇ ਕੋਈ ਵੀ ਮਹੱਤਵਪੂਰਨ ਜਾਣਕਾਰੀ ਸਾਂਝੀ ਕਰਨ ਲਈ ਅਪੀਲ ਕੀਤੀ ਹੈ।


# ਅਮਰੀਕਾ ਵਿੱਚ ਇਮੀਗ੍ਰੇਸ਼ਨ ਧੱਕੇਸ਼ਾਹੀ ਵਿਰੁੱਧ ਵੱਡੀ ਪੱਧਰ 'ਤੇ ਪ੍ਰਦਰਸ਼ਨ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਟਰੰਪ ਪ੍ਰਸ਼ਾਸਨ ਵੱਲੋਂ ਪ੍ਰਵਾਸੀਆਂ ਪ੍ਰਤੀ ਅਪਣਾਈ ਧੱਕੇਸ਼ਾਹੀ ਵਾਲੀ ਨੀਤੀ ਵਿਰੁੱਧ ਵੱਡੀ ਪੱਧਰ 'ਤੇ ਪ੍ਰਦਰਸ਼ਨ ਹੋਣ ਦੀ ਖ਼ਬਰ ਹੈ। ਪ੍ਰਦਰਸ਼ਨਾਂ ਦੇ ਪ੍ਰਬੰਧਕਾਂ ਨੇ ਇਮੀਗ੍ਰੇਸ਼ਨ ਧੱਕੇਸ਼ਾਹੀ ਵਿਰੁੱਧ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਹੈ ਜਿਸ ਦੇ ਹੁੰਗਾਰੇ ਵਜੋਂ ਹੇਠਲੇ ਮੈਨਹਟਨ ਵਿਚ ਫੋਲੀ ਸਕੁਏਅਰ ਵਿੱਚ ਲੋਕਾਂ ਦਾ ਵੱਡਾ ਇਕੱਠ ਹੋਇਆ ਜਿਥੇ ਬੁਲਾਰਿਆਂ ਨੇ ਟਰੰਪ ਪ੍ਰਸ਼ਾਸਨ ਦੀ ਨਿੰਦਾ ਕਰਦਿਆਂ ਲੋਕਾਂ ਨੂੰ ਅਨਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਵੱਖ ਵੱਖ ਤਰਾਂ ਦੇ ਬੈਨਰ ਚੁੱਕੇ ਹੋਏ ਸਨ ਜਿਨਾਂ ਉਪਰ ਇਮੀਗ੍ਰੇਸ਼ਨ ਦਹਿਸ਼ਤ ਵਿਰੁੱਧ ਨਾਅਰੇ ਲਿਖੇ ਹੋਏ ਸਨ। ਉਪਰੰਤ ਨਿਊ ਯਾਰਕ ਸ਼ਹਿਰ ਬੋਰੋਘ ਵਿੱਚ ਮਾਰਚ ਕੀਤਾ ਗਿਆ। ਇਕ ਬੁਲਾਰੇ ਨੇ ਕਿਹਾ ਕਿ ਅਸੀਂ ਇਥੇ ਇਮੀਗ੍ਰੇਸ਼ਨ ਧੱਕੇਸ਼ਾਹੀ ਦਾ ਵਿਰੋਧ ਕਰਨ ਆਏ ਹਾਂ ਕਿਉਂਕਿ ਅਸੀਂ ਜਾਣਦੇ ਹਾਂ ਕਿ ਦਫਤਰਾਂ ਵਿੱਚ ਬੈਠੇ ਲੋਕ ਇਸ ਧੱਕੇਸ਼ਾਹੀ ਨੂੰ ਰੋਕਣ ਲਈ ਕੁਝ ਨਹੀਂ ਕਰਨਗੇ। ਇਸ ਲਈ ਇਹ ਜਿੰਮੇਵਾਰੀ ਅਸੀਂ ਆਪਣੇ ਹੱਥਾਂ ਵਿਚ ਲੈ ਲਈ ਹੈ। ਅਸੀਂ ਲੋਕ ਹਾਂ ਜੋ ਇਸ ਨੂੰ ਰੋਕਾਂਗੇ। ਇਸ ਤੋਂ ਬਾਅਦ ਇਕੱਤਰ ਲੋਕਾਂ ਨੇ 'ਬੰਦ ਕਰੋ,ਬੰਦੋ ਕਰੋ ਦੇ ਨਾਅਰੇ ਲਾਉਣ ਸ਼ੁਰੂ ਕਰ ਦਿੱਤੇ। ਬੁਲਾਰਿਆਂ ਨੇ ਕਿਹਾ ਕਿ ਉਹ ਆਪਣੇ ਤੇ ਆਪਣੇ ਗਵਾਂਢੀਆਂ ਦੇ ਵਿਅਕਤੀਗਤ ਅਧਿਕਾਰਾਂ ਲਈ ਇਥੇ ਇਕੱਠੇ ਹੋਏ ਹਨ। ਇਹ ਸਾਹ ਲੈਣ ਵਾਂਗ ਹੈ ਜੋ ਸਾਡੇ ਲਈ ਅਹਿਮ ਹੈ। ਦੇਸ਼ ਭਰ ਵਿੱਚ ਵਿਦਿਆਰਥੀਆਂ ਨੇ ਵੀ ਕਲਾਸਾਂ ਦਾ ਬਾਈਕਾਟ ਕੀਤਾ ਹਾਲਾਂ ਕਿ ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ ਵਿਰੁੱਧ ਸੰਭਾਵੀ ਪ੍ਰਦਰਸ਼ਨਾਂ ਦੇ ਮੱਦੇਨਜਰ ਕੁਝ ਸਕੂਲਾਂ ਨੇ ਪਹਿਲਾਂ ਹੀ ਕਲਾਸਾਂ ਰੱਦ ਕਰ ਦਿੱਤੀਆਂ ਸਨ। ਸੈਨ ਮੈਟੀਓ ਕਾਊਂਟੀ, ਕੈਲੀਫੋਰਨੀਆ ਦੇ ਸੈਨ ਮੈਟੀਓ ਯੂਨੀਅਨ ਹਾਈ ਸਕੂਲ ਡਿਸਟ੍ਰਿਕਟ, ਯੂਨੀਵਰਸਿਟੀ ਆਫ ਵਿਕਾਨਸਿਨ-ਮੈਡੀਸਨ , ਐਰੀਜ਼ੋਨਾ ਤੇ ਜਾਰਜੀਆ ਦੇ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਕਲਾਸਾਂ ਦਾ ਬਾਈਕਾਟ ਕਰਕੇ ਵਿਰੋਧ ਪ੍ਰਦਰਸ਼ਨ ਕੀਤੇ ਗਏ। ਕੋਲੋਰਾਡੋ ਵਿੱਚ ਸਕੂਲ ਡਿਸਟ੍ਰਿਕਟਸ ਵੱਲੋਂ ਪਹਿਲਾਂ ਹੀ ਕਲਾਸਾਂ ਰੱਦ ਕਰ ਦਿੱਤੀਆਂ ਗਈਆਂ ਸਨ। ਬ੍ਰਿਮਿੰਘਮ,ਮਿਸ਼ੀਗੰਨ ਵਿੱਚ ਗਰੋਵਸ ਹਾਈ ਸਕੂਲ ਦੇ ਵਿਦਿਆਰਥੀਆਂ ਨੇ ਸਵੇਰ ਦੀਆਂ ਕਲਾਸਾਂ ਦਾ ਬਾਈਕਾਟ ਕੀਤਾ ਤੇ ਪ੍ਰਦਰਸ਼ਨ ਵਿੱਚ ਸ਼ਾਮਿਲ ਹੋਏ।




Pal Films
Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਗੁਰਮੀਤ ਖੁੱਡੀਆਂ ਵੱਲੋਂ ਉਦਯੋਗਾਂ ਨੂੰ ਅਥਾਹ ਸੰਭਾਵਨਾਵਾਂ ਵਾਲੇ ਪੰਜਾਬ ਦੇ ਗਰੀਨ ਐਨਰਜੀ ਸੈਕਟਰ ਵਿੱਚ ਨਿਵੇਸ਼ ਦਾ ਸੱਦਾ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਗਿਆਨਕ ਢੰਗ ਨਾਲ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਵਾਤਾਵਰਣ ਸਬੰਧੀ ਸਮੱਸਿਆਵਾਂ ਦਾ ਨਿਵਾਰਨ, ਮਿੱਟੀ ਦੀ ਸਿਹਤ ਵਿੱਚ ਸੁਧਾਰ ਅਤੇ ਕਿਸਾਨਾਂ ਦੀ ਆਮਦਨ ਵਿਚ ਵਾਧਾ ਕੀਤਾ ਜਾ ਸਕੇ।

ਉਹ ਅੱਜ ਇੱਥੇ ਏ.ਐਸ.ਏ.ਆਰ. ਵੱਲੋਂ ਕੈਨੋਪੀ ਦੇ ਸਹਿਯੋਗ ਨਾਲ ਕਰਵਾਈ ਸੂਬਾ ਪੱਧਰੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਖੁੱਡੀਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਰਾਲੀ ਸਾੜਨ ਦੀ ਸਮੱਸਿਆ ਨੂੰ ਪੰਜਾਬ ਲਾਹੇਵੰਦ ਆਰਥਿਕ ਅਤੇ ਵਾਤਾਵਰਣ ਪੱਖੀ ਮੌਕਿਆਂ ਵਿੱਚ ਤਬਦੀਲ ਕਰਨ ਵਿੱਚ ਸਫ਼ਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਵੱਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਦੇ ਯਤਨਾਂ ਦੇ ਪ੍ਰਭਾਵੀ ਤੇ ਸਾਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ ਕਿਉਂਕਿ 2025 ਦੇ ਸਾਉਣੀ ਸੀਜ਼ਨ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 53 ਫੀਸਦੀ ਗਿਰਾਵਟ ਆਈ ਹੈ। ਉਨ੍ਹਾਂ ਦੱਸਿਆ ਕਿ ਸਾਲ 2024 ਵਿੱਚ ਅਜਿਹੀਆਂ ਘਟਨਾਵਾਂ ਦੀ ਗਿਣਤੀ 10,909 ਸੀ, ਜੋ ਹੁਣ ਘਟ ਕੇ 5,114 ਰਹਿ ਗਈ। ਖੇਤੀਬਾੜੀ ਮੰਤਰੀ ਨੇ ਸਬਸਿਡੀ ਵਾਲੀ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ, ਪ੍ਰੋਤਸਾਹਨ ਅਤੇ ਪਰਾਲੀ ਦੀ ਵਰਤੋਂ ਲਈ ਵਿਹਾਰਕ ਵਿਕਲਪਾਂ




ਦੀ ਆਮਦ ਨੂੰ ਇਸ ਸਫ਼ਲਤਾ ਦਾ ਕਾਰਨ ਦੱਸਿਆ। ਉਨ੍ਹਾਂ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਸੂਬੇ ਵੱਲੋਂ ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨ ਲਈ ਆਧੁਨਿਕ ਇਨ-ਸੀਟੂ ਅਤੇ ਐਕਸ-ਸੀਟੂ ਤਰੀਕਿਆਂ ਦੀ ਵਰਤੋਂ ਕਰਕੇ ਹਰ ਸਾਲ ਪੈਦਾ ਹੋਣ ਵਾਲੀ 20 ਮਿਲੀਅਨ ਟਨ ਪਰਾਲੀ ਵਿੱਚੋਂ 80 ਫੀਸਦੀ ਤੋਂ ਵੱਧ ਦਾ ਵਿਗਿਆਨਕ ਤੌਰ 'ਤੇ ਪ੍ਰਬੰਧਨ ਕੀਤਾ ਜਾ ਰਿਹਾ ਹੈ। ਖੁੱਡੀਆਂ ਨੇ ਕਿਹਾ ਕਿ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਬਾਇਓਮਾਸ-ਅਧਾਰਤ ਪਾਵਰ ਪਲਾਂਟਾਂ, ਬਾਇਓ-ਸੀ.ਐਨ.ਜੀ. ਯੂਨਿਟਾਂ ਅਤੇ ਬਾਇਓ-ਈਥੇਨੌਲ ਪ੍ਰੋਜੈਕਟਾਂ ਵਰਗੇ ਐਕਸ-ਸੀਟੂ ਐਪਲੀਕੇਸ਼ਨਾਂ ਵਿੱਚ ਵੀ ਵਰਤਿਆ ਜਾ ਰਿਹਾ ਹੈ, ਜਿਸ ਨਾਲ ਊਰਜਾ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋ ਰਹੇ ਹਨ। ਪਰਾਲੀ , ਜੋ ਪਹਿਲਾਂ ਧੂੰਏਂ ਦਾ ਕਾਰਨ ਸੀ ਅੱਜ ਊਰਜਾ, ਉਦਯੋਗ ਅਤੇ ਰੁਜ਼ਗਾਰ ਦਾ ਸਬੱਬ ਬਣ ਰਹੀ ਹੈ। ਖੇਤੀਬਾੜੀ ਮੰਤਰੀ ਨੇ ਇੱਕ ਅਜਿਹੇ ਭਵਿੱਖ ਦੀ ਆਸ ਪ੍ਰਗਟਾਈ ਜਿੱਥੇ ਕਿਸਾਨ ਫ਼ਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਤੋਂ ਪੂਰਾ ਲਾਭ ਲੈ ਸਕਣਗੇ। ਉਨ੍ਹਾਂ ਕਿਹਾ, ''ਜਦੋਂ ਫਸਲਾਂ ਦੀ ਰਹਿੰਦ-ਖੂੰਹਦ ਨੂੰ ਬਾਲਣ, ਊਰਜਾ ਜਾਂ ਕਿਸੇ ਵੀ ਪੈਕੇਜਿੰਗ ਵਿੱਚ ਬਦਲਿਆ ਜਾ ਰਿਹਾ ਹੈ ਤਾਂ ਇਸ ਨਾਲ ਪੇਂਡੂ ਰੁਜ਼ਗਾਰ ਪੈਦਾ ਹੁੰਦਾ ਹੈ ਅਤੇ ਸਾਡੇ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਰੁਜ਼ਗਾਰ ਮੌਕੇ ਮਿਲਦੇ ਹਨ। ਇਹ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਹੀ ਸਾਡਾ ਟੀਚਾ ਹੈ। ਖੁੱਡੀਆਂ ਨੇ ਉਦਯੋਗਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਹਰਿਆਲੀ ਅਤੇ ਟਿਕਾਊ ਵਪਾਰਕ ਸੰਭਾਵਨਾਵਾਂ ਵਾਲਾ ਪੰਜਾਬ , ਜੋ ਭਾਰਤ ਦਾ ਪਲੇਠਾ ਸਰਕੂਲਰ ਇਕਨਾਮਿਕ ਰੀਜਨ ਬਣਾਉਣ ਲਈ ਤਿਆਰ ਹੈ, ਤੋਂ ਉਦਯੋਗਾਂ ਨੂੰ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਨੇ ਸੂਬੇ ਵੱਲੋਂ ਪਰਾਲੀ ਨੂੰ ਆਮਦਨ ਵਿੱਚ ਬਦਲਣ ਦੀ ਕਾਬਲੀਅਤ ਤੇ ਸਮਰੱਥਾ ਦਾ ਹਵਾਲਾ ਦਿੰਦਿਆਂ ਕਿਹਾ, ''ਧੂੰਏਂ ਦੀ ਬਜਾਏ ਪਰਾਲੀ ਨੂੰ ਆਮਦਨ ਵਿੱਚ ਬਦਲ ਕੇ, ਪੰਜਾਬ ਪ੍ਰਦੂਸ਼ਣ ਨੂੰ ਖੁਸ਼ਹਾਲੀ ਵਿੱਚ ਬਦਲ ਰਿਹਾ ਹੈ। ਪੰਜਾਬ ਸਾਬਤ ਕਰ ਰਿਹਾ ਹੈ ਕਿ ਜਲਵਾਯੂ ਗਤੀਵਿਧੀਆਂ ਅਤੇ ਆਰਥਿਕ ਵਿਕਾਸ ਨਾਲੋ-ਨਾਲ ਚੱਲ ਸਕਦੇ ਹਨ।

# ਪੰਜਾਬ ਸਰਕਾਰ ਬਾਲ ਵਿਆਹ ਮੁਕਤ ਸੂਬਾ ਬਣਾਉਣ ਵੱਲ ਦ੍ਰਿੜ੍ਹ: 111 ਮਾਮਲੇ ਰੋਕੇ- ਡਾ. ਬਲਜੀਤ ਕੌਰ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚੋਂ ਬਾਲ ਵਿਆਹ ਵਰਗੀ ਗੰਭੀਰ ਸਮਾਜਿਕ ਬੁਰਾਈ ਨੂੰ ਜੜ੍ਹੋਂ ਖ਼ਤਮ ਕਰਨ ਲਈ ਦ੍ਰਿੜ੍ਹ ਨੀਅਤ ਨਾਲ ਕੰਮ ਕਰ ਰਹੀ ਹੈ। ਇਹ ਗੱਲ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਹੀ।

ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਨਵਰੀ 2024 ਤੋਂ ਲੈ ਕੇ ਹੁਣ ਤੱਕ ਪੰਜਾਬ ਵਿੱਚ ਬਾਲ ਵਿਆਹ ਦੇ 111 ਮਾਮਲੇ ਸਮੇਂ ਸਿਰ ਰੋਕੇ ਗਏ ਹਨ, ਜੋ ਕਿ ਮਾਨ ਸਰਕਾਰ ਦੀ ਬੱਚਿਆਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੇ ਹਨ। ਉਨ੍ਹਾਂ ਜ਼ਿਲ੍ਹਾ ਵਾਰ ਵੇਰਵਾ ਸਾਂਝਾ ਕਰਦਿਆਂ ਦੱਸਿਆ ਕਿ ਅੰਮ੍ਰਿਤਸਰ ਵਿੱਚ 5, ਬਰਨਾਲਾ 1, ਬਠਿੰਡਾ 9, ਫਤਿਹਗੜ੍ਹ ਸਾਹਿਬ 4, ਫਿਰੋਜ਼ਪੁਰ 4, ਫਾਜ਼ਿਲਕਾ 18, ਫਰੀਦਕੋਟ 3, ਗੁਰਦਾਸਪੁਰ 8, ਹੁਸ਼ਿਆਰਪੁਰ 1, ਜਲੰਧਰ 2, ਲੁਧਿਆਣਾ 3, ਕਪੂਰਥਲਾ 5, ਮਾਨਸਾ 8, ਮੋਗਾ 12, ਮੁਕਤਸਰ ਸਾਹਿਬ 5, ਪਟਿਆਲਾ 4, ਪਠਾਨਕੋਟ 2, ਰੋਪੜ 1, ਸੰਗਰੂਰ 1, ਮੋਹਾਲੀ 4, ਸ਼ਹੀਦ ਭਗਤ ਸਿੰਘ ਨਗਰ 5 ਅਤੇ ਤਰਨਤਾਰਨ ਵਿੱਚ 6 ਬਾਲ ਵਿਆਹਾਂ ਦੇ ਮਾਮਲੇ ਰੋਕੇ ਗਏ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਬੱਚਿਆਂ ਦਾ ਭਵਿੱਖ ਸੁਰੱਖਿਅਤ ਕਰਨਾ ਮਾਨ ਸਰਕਾਰ ਦੀ ਸਭ ਤੋਂ ਵੱਡੀ



ਪ੍ਰਾਥਮਿਕਤਾ ਹੈ ਅਤੇ ਬਾਲ ਵਿਆਹ ਵਰਗੀ ਸਮਾਜਿਕ ਕੁਰੀਤੀ ਖ਼ਿਲਾਫ਼ ਸਰਕਾਰ ਪੂਰੀ ਸਖ਼ਤੀ ਦੇ ਨਾਲ-ਨਾਲ ਸੰਵੇਦਨਸ਼ੀਲਤਾ ਨਾਲ ਵੀ ਕਾਰਵਾਈ ਕਰ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਬਾਲ ਵਿਆਹ ਰੋਕਣ ਦੀ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 2076 ਬਾਲ ਵਿਆਹ ਰੋਕਥਾਮ ਅਧਿਕਾਰੀ ਨਾਮਜ਼ਦ ਕੀਤੇ ਗਏ ਹਨ, ਜਿਨ੍ਹਾਂ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਸੀਡੀਪੀਓ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲ ਸ਼ਾਮਲ ਹਨ। ਇਸ ਸੰਦਰਭ ਵਿੱਚ ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਵਿਆਹ ਸਿਰਫ਼ ਕਾਨੂੰਨੀ ਉਲੰਘਣਾ ਨਹੀਂ, ਸਗੋਂ ਇਹ ਬੱਚਿਆਂ ਦੇ ਸੁਪਨਿਆਂ, ਸਿੱਖਿਆ ਅਤੇ ਸਿਹਤ ਨਾਲ ਜੁੜੇ ਭਵਿੱਖ 'ਤੇ ਸਿੱਧਾ ਹਮਲਾ ਹੈ।

ਉਨ੍ਹਾਂ ਕਿਹਾ ਕਿ ਹਰ ਰੋਕਿਆ ਗਿਆ ਬਾਲ ਵਿਆਹ ਇੱਕ ਬੱਚੀ ਨੂੰ ਆਪਣੀ ਪੜ੍ਹਾਈ ਪੂਰੀ ਕਰਨ, ਆਪਣੀ ਪਹਿਚਾਣ ਬਣਾਉਣ ਅਤੇ ਆਤਮ-ਨਿਰਭਰ ਜੀਵਨ ਵੱਲ ਅੱਗੇ ਵਧਣ ਦਾ ਮੌਕਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਇਹ ਸੁਪਨਾ ਹੈ ਕਿ ਪੰਜਾਬ ਦਾ ਹਰ ਬੱਚਾ ਡਰ ਤੋਂ ਮੁਕਤ, ਸੁਰੱਖਿਅਤ ਅਤੇ ਇੱਜ਼ਤ ਨਾਲ ਭਰਪੂਰ ਬਚਪਨ ਜੀਵੇ, ਅਤੇ ਇਸ ਮਕਸਦ ਨੂੰ ਪੂਰਾ ਕਰਨ ਲਈ ਸਰਕਾਰ ਸਮਾਜ ਦੇ ਹਰ ਵਰਗ ਨਾਲ ਮਿਲ ਕੇ ਦ੍ਰਿੜ੍ਹਤਾ ਨਾਲ ਕੰਮ ਕਰਦੀ ਰਹੇਗੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਸਮਾਜਿਕ ਬੁਰਾਈ ਨੂੰ ਜੜ੍ਹੋਂ ਖ਼ਤਮ ਕਰਨ ਲਈ ਲੋਕਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ, ਕਿਉਂਕਿ ਜਨ-ਸਹਿਯੋਗ ਤੋਂ ਬਿਨਾਂ ਕੋਈ ਵੀ ਮੁਹਿੰਮ ਸਫਲ ਨਹੀਂ ਹੋ ਸਕਦੀ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਆਪਣੇ ਆਲੇ-ਦੁਆਲੇ ਬਾਲ ਵਿਆਹ ਸਬੰਧੀ ਕੋਈ ਵੀ ਜਾਣਕਾਰੀ ਮਿਲੇ ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098 'ਤੇ ਸੂਚਿਤ ਕੀਤਾ ਜਾਵੇ ਜਾਂ ਆਪਣੇ ਨਜ਼ਦੀਕੀ ਬਾਲ ਵਿਆਹ ਰੋਕਥਾਮ ਅਧਿਕਾਰੀ ਨਾਲ ਸੰਪਰਕ ਕੀਤਾ ਜਾਵੇ

# ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਨਾਇਬ ਤਹਿਸੀਲਦਾਰਾਂ ਵਜੋਂ ਪਦਉੱਨਤ ਹੋਏ 16 ਅਧਿਕਾਰੀਆਂ ਨੂੰ ਸੌਂਪੇ ਤਰੱਕੀ ਪੱਤਰ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਾਨੂੰਨਗੋ ਤੋਂ ਨਾਇਬ ਤਹਿਸੀਲਦਾਰ ਵਜੋਂ ਪਦਉੱਨਤ ਹੋਏ 16 ਅਧਿਕਾਰੀਆਂ ਨੂੰ ਤਰੱਕੀ ਪੱਤਰ ਸੌਂਪੇ। ਇਹ ਤਰੱਕੀਆਂ ਨਿਰਧਾਰਤ ਸੇਵਾ ਨਿਯਮਾਂ ਅਧੀਨ ਅਤੇ ਸਾਰੀਆਂ ਵਿਭਾਗੀ ਕਾਰਵਾਈਆਂ ਪੂਰੀਆਂ ਕਰਨ ਉਪਰੰਤ ਕੀਤੀਆਂ ਗਈਆਂ ਹਨ। ਪਦਉੱਨਤ ਹੋਏ ਅਧਿਕਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਮਾਲ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਦੇ ਸੇਵਾ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੇ ਬਣਦੇ ਹੱਕ ਸਮੇਂ ਸਿਰ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਤਰੱਕੀਆਂ ਪ੍ਰਸ਼ਾਸਨਿਕ ਅਮਲੇ ਨੂੰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਜਨਤਕ ਸੇਵਾਵਾਂ ਹੋਰ ਬਿਹਤਰ ਬਣਾਉਣ ਲਈ ਸਰਕਾਰ ਦੇ ਵਡੇਰੇ ਯਤਨਾਂ ਦਾ ਹਿੱਸਾ ਹਨ। ਹਰਦੀਪ ਸਿੰਘ ਮੁੰਡੀਆਂ ਨੇ ਤਰੱਕੀ ਪ੍ਰਾਪਤ ਨਾਇਬ ਤਹਿਸੀਲਦਾਰਾਂ ਨੂੰ ਇਮਾਨਦਾਰੀ, ਸਮਰਪਣ ਭਾਵਨਾ ਅਤੇ ਜ਼ਿੰਮੇਵਾਰੀ ਨਾਲ ਆਪਣੀ ਡਿਊਟੀ ਨਿਭਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਮਾਲ ਅਧਿਕਾਰੀ ਭੌਂ ਅਤੇ ਮਾਲ ਵਿਭਾਗ ਨਾਲ ਸਬੰਧਤ ਹੋਰ ਮਾਮਲਿਆਂ ਵਿੱਚ ਲੋਕਾਂ ਲਈ ਸੰਪਰਕ ਦੀ ਪਹਿਲੀ ਧਿਰ ਹੁੰਦੇ ਹਨ ਅਤੇ ਉਨ੍ਹਾਂ ਦੀ ਇਮਾਨਦਾਰੀ ਅਤੇ ਸੁਚੱਜੇ ਆਚਰਣ ਦਾ ਪ੍ਰਸ਼ਾਸਨਿਕ ਸੇਵਾਵਾਂ ਵਿੱਚ ਲੋਕਾਂ ਦੇ ਵਿਸ਼ਵਾਸ 'ਤੇ ਸਿੱਧਾ ਅਸਰ ਪੈਂਦਾ ਹੈ। ਉਨ੍ਹਾਂ ਉਮੀਦ ਜਤਾਈ ਕਿ ਉਹ ਪਾਰਦਰਸ਼ਤਾ ਬਣਾਉਣਗੇ, ਨਿਯਮਾਂ ਦੀ ਪਾਲਣਾ ਕਰਨਗੇ ਅਤੇ ਬਿਨਾਂ ਕਿਸੇ ਪੱਖਪਾਤ ਦੇ ਲੋਕਾਂ ਦੀ ਸੇਵਾ ਯਕੀਨੀ ਬਣਾਉਣਗੇ। ਇਸ ਦੌਰਾਨ ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ ਮਾਲ ਸ੍ਰੀ ਅਨੁਰਾਗ ਵਰਮਾ ਨੇ ਵੀ ਤਰੱਕੀ ਪ੍ਰਾਪਤ ਅਧਿਕਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਮਾਂਬੱਧ ਢੰਗ ਨਾਲ ਪਦਉੱਨਤੀਆਂ ਕਰਕੇ ਪਾਰਦਰਸ਼ੀ ਪ੍ਰਸ਼ਾਸਨਿਕ ਪ੍ਰਣਾਲੀ ਨੂੰ ਯਕੀਨੀ ਬਣਾਇਆ ਹੈ ਤਾਂ ਜੋ ਅਧਿਕਾਰੀ ਸੁਹਿਰਦਤਾ ਨੇ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰ ਸਕਣ। ਨਾਇਬ ਤਹਿਸੀਲਦਾਰ ਵਜੋਂ



ਪਦਉੱਨਤ ਹੋਏ ਅਧਿਕਾਰੀਆਂ ਵਿੱਚ ਸਵਰਨ ਸਿੰਘ, ਰਾਜਿੰਦਰ ਸਿੰਘ, ਗੁਰਦੀਪ ਲਾਲ, ਰਾਜੇਸ਼ ਕੁਮਾਰ, ਕਰਮਜੀਤ ਸਿੰਘ, ਬਲਜੀਤ ਸਿੰਘ, ਰਣਜੀਤ ਸਿੰਘ, ਪਰਮਿੰਦਰ ਸਿੰਘ, ਜਸਪਾਲ ਸਿੰਘ, ਗੁਰਚਰਨ ਸਿੰਘ, ਸੁਖਬੀਰ ਸਿੰਘ, ਸੁਨੀਲ ਪ੍ਰਭਾਕਰ, ਉਂਕਾਰ ਸਿੰਘ, ਰਣਦੀਪ ਸਿੰਘ, ਬਲਜੀਤ ਸਿੰਘ, ਕਾਰਜ ਸਿੰਘ ਸ਼ਾਮਲ ਸਨ।

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

**SMARTWAY EXPRESS INC.**



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉੱਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN 7 DAYS A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਗੈਂਗਸਟਰਾਂ ’ਤੇ ਵਾਰ ਦਾ 16ਵਾਂ ਦਿਨ: ਪੰਜਾਬ ਪੁਲਿਸ ਨੇ 689 ਥਾਵਾਂ ’ਤੇ ਕੀਤੀ ਛਾਪੇਮਾਰੀ: 232 ਗ੍ਰਿਫ਼ਤਾਰ

**ਚੰਡੀਗੜ੍ਹ**
**ਸਾਂਝੀ ਸੋਚ ਬਿਊਰੋ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ਮੁਹਿੰਮ ’ਗੈਂਗਸਟਰਾਂ ’ਤੇ ਵਾਰ’ ਨੂੰ 16ਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 689 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਜਾਣਕਾਰੀ ਅਨੁਸਾਰ, ‘ਗੈਂਗਸਟਰਾਂ ਤੇ ਵਾਰ’-ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਦੀ ਸ਼ੁਰੂਆਤ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੁਆਰਾ 20 ਜਨਵਰੀ, 2026 ਨੂੰ ਕੀਤੀ ਸੀ।

ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ) ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਮੁਹਿੰਮ ਦੇ 16ਵੇਂ ਦਿਨ ਪੁਲਿਸ ਟੀਮਾਂ ਨੇ 232 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਤੇਜ਼ਧਾਰ ਹਥਿਆਰ ਬਰਾਮਦ ਕੀਤੇ। ਇਸ ਤਰ੍ਹਾਂ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ 4,628 ਗ੍ਰਿਫਤਾਰੀਆਂ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ, 153 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ , ਜਦੋਂ ਕਿ 352 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 12 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ-93946-93946 ਰਾਹੀਂ ਰਿਪੋਰਟ ਕਰ ਸਕਦੇ ਹਨ ਅਤੇ ਕਿਸੇ ਵੀ ਤਰ੍ਹਾਂ ਦੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕਰ ਸਕਦੇ ਹਨ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ 340ਵੇਂ ਦਿਨ ਵੀ ਜਾਰੀ ਰੱਖੀ ਹੈ, ਜਿਸ ਤਹਿਤ ਅੱਜ 135 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 8.1 ਕਿਲੋ ਹੈਰੋਇਨ, 2 ਕਿਲੋ ਅਫੀਮ, 804 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 10,750 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ, ਸਿਰਫ 340 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 47,634 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 23 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।



# ਸੁਪਰੀਮ ਕੋਰਟ ਨੇ ਬੈਂਕ ਧੋਖਾਧੜੀ ਮਾਮਲੇ ਵਿੱਚ ਈਡੀ ਅਤੇ ਸੀਬੀਆਈ ਨੂੰ ਲਾਈ ਫਟਕਾਰ

## ਸੁਪਰੀਮ ਕੋਰਟ ਨੇ ਅਨਿਲ ਅੰਬਾਨੀ ਦੇ ਦੇਸ਼ ਛੱਡਣ 'ਤੇ ਲਾਈ ਰੋਕ

**ਨਵੀਂ ਦਿੱਲੀ**
**ਸਾਂਝੀ ਸੋਚ ਬਿਊਰੋ**

ਸੁਪਰੀਮ ਕੋਰਟ ਨੇ ਅਨਿਲ ਧੀਰੂਭਾਈ ਅੰਬਾਨੀ ਗਰੁੱਪ (ਏਡੀਏਜੀ) ਨਾਲ ਜੁੜੇ 40 ਹਜ਼ਾਰ ਕਰੋੜ ਦੇ ਬੈਂਕ ਧੋਖਾਧੜੀ ਮਾਮਲੇ ਵਿੱਚ ਜਾਂਚ ਏਜੰਸੀਆਂ ਨਾਲ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ ਹੈ। ਅਦਾਲਤ ਨੇ ਕਿਹਾ, “ਸੀਬੀਆਈ ਅਤੇ ਈਡੀ ਜਾਂਚ ਵਿੱਚ ਦੇਰੀ ਦਾ ਕਾਰਨ ਨਹੀਂ ਦੱਸ ਸਕੇ। ਦੋਵੇਂ ਏਜੰਸੀਆਂ ਪਹਿਲਾਂ ਹੀ ਕਾਫ਼ੀ ਸਮਾਂ ਲੈ ਚੁੱਕੀਆਂ ਹਨ। ਭਵਿੱਖ ਵਿੱਚ ਅਜਿਹੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।”

ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵਿਪੁਲ ਐਮ.ਪੰਚੋਲੀ ਦੀ ਬੈਂਚ ਨੇ ਸੀਬੀਆਈ ਅਤੇ ਈਡੀ ਨੂੰ ਚਾਰ ਹਫ਼ਤਿਆਂ ਦੇ ਅੰਦਰ ਇੱਕ ਨਵੀਂ ਸਥਿਤੀ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ। ਅਦਾਲਤ ਨੇ ਕਿਹਾ ਕਿ ਅਨਿਲ ਅੰਬਾਨੀ ਆਗਿਆ ਤੋਂ ਬਿਨਾਂ ਦੇਸ਼ ਨਹੀਂ ਛੱਡਣਗੇ। ਦਰਅਸਲ, ਪਟੀਸ਼ਨਕਰਤਾ ਅਤੇ ਸਾਬਕਾ ਆਈਏਐਸ ਅਧਿਕਾਰੀ ਈ.ਏ.ਐਸ. ਸਰਮਾ ਨੇ ਅਨਿਲ ਦੇ ਦੇਸ਼ ਛੱਡਣ ਬਾਰੇ ਖਦਸ਼ਾ ਪ੍ਰਗਟ ਕੀਤਾ ਸੀ। ਸੁਣਵਾਈ ਦੌਰਾਨ, ਅਨਿਲ ਅੰਬਾਨੀ ਨੇ ਆਪਣੇ ਵਕੀਲ ਮੁਕੁਲ ਰੋਹਤਗੀ ਰਾਹੀਂ ਅਦਾਲਤ ਨੂੰ ਭਰੋਸਾ ਦਿਵਾਇਆ ਕਿ ਉਹ ਅਦਾਲਤ ਦੀ ਇਜਾਜ਼ਤ ਤੋਂ ਬਿਨਾਂ ਦੇਸ਼ ਨਹੀਂ ਛੱਡਣਗੇ। ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਅਦਾਲਤ ਨੂੰ ਦੱਸਿਆ ਕਿ ਅਨਿਲ ਅੰਬਾਨੀ ਵਿਰੁੱਧ ਪਹਿਲਾਂ ਹੀ ਲੁੱਕਆਊਟ ਸਰਕੂਲਰ ਜਾਰੀ ਕੀਤੇ ਜਾ ਚੁੱਕੇ ਹਨ। ਮਹਿਤਾ ਨੇ ਅਦਾਲਤ ਨੂੰ ਦੱਸਿਆ ਕਿ ਅਨਿਲ ਅੰਬਾਨੀ ਦੇ ਸਮੂਹ ਦੀਆਂ ਕੰਪਨੀਆਂ ਰਾਹੀਂ ਕਥਿਤ ਤੌਰ ‘ਤੇ ਲਗਭਗ 40 ਹਜ਼ਾਰ ਕਰੋੜ ਦਾ ਘਪਲਾ ਕੀਤਾ ਗਿਆ ਹੈ। ਅਦਾਲਤ ਨੇ ਜ਼ੁਬਾਨੀ ਟਿੱਪਣੀ ਕੀਤੀ, “ਇਹ ਇੰਨੀ ਵੱਡੀ ਰਕਮ ਘਪਲੇਬਾਜ਼ੀ ਦਾ ਮਾਮਲਾ ਹੈ।” ਅਦਾਲਤ ਨੇ ਈਡੀ ਦੇ ਹਲਫ਼ਨਾਮੇ ‘ਤੇ ਵਿਚਾਰ ਕੀਤਾ ਜਿਸ ਵਿੱਚ ਕਿਹਾ ਗਿਆ ਹੈ ਕਿ ਅਪਰਾਧ ਦੀ ਕਮਾਈ 20 ਹਜ਼ਾਰ ਕਰੋੜ ਤੋਂ ਵੱਧ ਹੋਣ ਦਾ ਅਨੁਮਾਨ ਹੈ। ਏਜੰਸੀ ਨੇ 8,078 ਕਰੋੜ ਦੀ ਜਾਇਦਾਦ ਨੂੰ ਅਸਥਾਈ ਤੌਰ ‘ਤੇ ਅਟੈਚ ਕਰ ਲਿਆ ਹੈ।



# ਕੈਨੇਡਾ 'ਚੋਂ ਬਾਹਰ ਜਾ ਰਹੇ ਲੋਕਾਂ ਦਾ ਰਿਕਾਰਡ ਰੱਖਣਾ ਜ਼ਰੂਰੀ

**ਓਟਵਾ**
**ਸਾਂਝੀ ਸੋਚ ਬਿਊਰੋ**

ਕੈਨੇਡਾ ਦੀ ਇਮੀਗ੍ਰੇਸ਼ਨ, ਸ਼ਰਨਾਰਥੀ ਤੇ ਨਾਗਰਿਕਤਾ ਮੰਤਰੀ ਲੀਨਾ ਡਿਆਬ ਨੇ ਕਿਹਾ ਹੈ ਕਿ ਦੇਸ਼ ਵਿਚੋਂ ਬਾਹਰ ਜਾ ਰਹੇ ਲੋਕਾਂ (ਵਿਸ਼ੇਸ਼ ਤੌਰ ‘ਤੇ ਆਰਜ਼ੀ ਵੀਜ਼ਾਧਾਰਕਾਂ) ਬਾਰੇ ਸਰਕਾਰ ਨੂੰ ਪਤਾ ਹੋਣਾ ਜ਼ਰੂਰੀ ਹੈ, ਜਿਸ ਕਰਕੇ ਉਨ੍ਹਾਂ ਨੇ ਆਪਣੇ ਮੰਤਰਾਲੇ ਦੇ ਅਧਿਕਾਰੀਆਂ ਨੂੰ ਇਸ ਦੇ ਪ੍ਰਬੰਧ ਕਰਨ ਦੀਆਂ ਹਦਾਇਤਾਂ ਦਿੱਤੀਆਂ ਹਨ। ਬੀਤੇ ਦਹਾਕਿਆਂ ਤੋਂ ਕੈਨੇਡਾ ਦੇ ਸਰਹੱਦੀ ਲਾਂਘਿਆਂ ‘ਤੇ ਇਮੀਗ੍ਰੇਸ਼ਨ ਚੈਕਿੰਗ ਦੇ ਅਜਿਹੇ ਪ੍ਰਬੰਧ ਹਨ, ਜਿਨ੍ਹਾਂ ਤਹਿਤ ਵਿਦੇਸ਼ਾਂ ਤੋਂ ਦੇਸ਼ ‘ਚ ਦਾਖਲ ਹੋਣ ਵਾਲੇ ਲੋਕਾਂ ਦੀ ਪੜਤਾਲ ਕੀਤੀ ਜਾਂਦੀ ਹੈ ਪਰ ਦੇਸ਼ ਛੱਡ ਕੇ ਜਾਣ ਸਮੇਂ ਇਮੀਗ੍ਰੇਸ਼ਨ ਦੀ ਕੋਈ ਚੈਕਿੰਗ ਨਹੀਂ ਹੈ।

2019 ਤੋਂ ਹਵਾਈ ਜਹਾਜ਼ਾਂ ਦੀਆਂ ਕੰਪਨੀਆਂ ਨੂੰ ਉਨ੍ਹਾਂ ਦੇ ਜਹਾਜ਼ਾਂ ‘ਚ ਕੈਨੇਡਾ ਤੋਂ ਬਾਹਰ ਜਾ ਰਹੇ ਮੁਸਾਫ਼ਰਾਂ ਦੀ ਲਿਸਟ ਉਡਾਣ ਤੋਂ 72 ਘੰਟੇ ਪਹਿਲਾਂ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਨੂੰ ਦੇਣੀ ਪੈਂਦੀ ਹੈ ਪਰ ਅਪਰਾਧੀਆਂ ਨੂੰ ਰੋਕਣ ਵਾਸਤੇ ਇਹ ਪ੍ਰਬੰਧ ਅਸਰਦਾਰ ਨਹੀਂ ਸਾਬਤ ਹੋ ਰਿਹਾ।

ਮੰਤਰੀ ਡਿਆਬ ਨੇ ਕਿਹਾ ਕਿ ਦੇਸ਼ ਛੱਡ ਕੇ ਜਾਂਦੇ ਆਰਜ਼ੀ ਵੀਜ਼ਾ ਧਾਰਕਾਂ (ਵਿਜ਼ਿਟਰ, ਸਟੱਡੀ, ਵਰਕ ਪਰਮਿਟ ਆਦਿ) ਦੀ ਗਿਣਤੀ ਬਾਰੇ ਸਰਕਾਰ ਨੂੰ ਪਤਾ ਹੋਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਾਡੇ ਕੋਲ ਦੇਸ਼ ਵਿਚੋਂ ਬਾਹਰ ਜਾ ਰਹੇ ਲੋਕਾਂ ਦਾ ਰਿਕਾਰਡ ਨਹੀਂ ਹੁੰਦਾ ਪਰ ਹੁਣ ਸਮਾਂ ਆ ਗਿਆ ਹੈ ਕਿ ਅਜਿਹਾ ਪ੍ਰਬੰਧ ਕੀਤਾ ਜਾਵੇ। ਮਿਲੀ ਜਾਣਕਾਰੀ ਅਨੁਸਾਰ 2026 ਦੌਰਾਨ 19 ਲੱਖ ਦੇ ਕਰੀਬ ਵਿਦੇਸ਼ੀਆਂ ਦੇ ਵਿਜ਼ਿਟਰ, ਸਟੱਡੀ ਅਤੇ ਵਰਕ ਪਰਮਿਟ ਖ਼ਤਮ ਹੋਣੇ ਹਨ, ਜਦਕਿ 2025 ‘ਚ ਖ਼ਤਮ ਹੋਏ ਅਜਿਹੇ ਪਰਮਿਟਾਂ ਦੀ ਗਿਣਤੀ 21 ਲੱਖ ਤੋਂ ਵੱਧ ਦੱਸੀ ਜਾ ਰਹੀ ਹੈ। ਇਮੀਗ੍ਰੇਸ਼ਨ ਅਧਿਕਾਰੀਆਂ ਵੱਲੋਂ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਰਾਹੀਂ ਡਿਜੀਟਲ ਤਰੀਕੇ ਲੋਕਾਂ ਦੀ ਆਵਾਜਾਈ ਦਾ ਰਿਕਾਰਡ (ਨਾਂ, ਜਨਮ ਤਰੀਕ, ਪਾਸਪੋਰਟ ਦੀ ਜਾਣਕਾਰੀ) ਰੱਖਣਾ ਸੰਭਵ ਹੈ ਪਰ ਅਜੇ ਤੱਕ ਵੀਜ਼ਾ ਖ਼ਤਮ ਹੋਣ ਤੋਂ ਬਾਅਦ ਆਪਣੇ ਆਪ ਜਾਣ ਵਾਲੇ ਵਿਦੇਸ਼ੀਆਂ ਦੀ ਜਾਣਕਾਰੀ ਰੱਖਣ ਦਾ ਪ੍ਰਬੰਧ ਇਮੀਗ੍ਰੇਸ਼ਨ ਅਧਿਕਾਰੀਆਂ ਕੋਲ ਨਹੀਂ ਹੈ। ਮੰਤਰੀ ਡਿਆਬ ਨੇ ਕਿਹਾ ਕਿ ਇਮੀਗ੍ਰੇਸ਼ਨ ਅਤੇ ਨਾਗਰਿਕਤਾ ਦਾ ਪੁਰਾਣਾ ਸਿਸਟਮ ਸਮਾਂ ਵਿਹਾਅ ਚੁੱਕਾ ਹੈ, ਜਿਸ ਕਰਕੇ ਇਸ ਨੂੰ ਪੜਾਅਵਾਰ ਨਵਿਆਇਆ (ਡਿਜੀਟਲ ਕੀਤਾ) ਜਾ ਰਿਹਾ ਹੈ।

ਇਹ ਵੀ ਪਤਾ ਲੱਗਾ ਹੈ ਕਿ ਭਵਿੱਖ ‘ਚ ਕੈਨੇਡਾ ਦਾ ਵੀਜ਼ਾ ਪਾਸਪੋਰਟਾਂ ਵਿਚ ਸਟਿੱਕਰ ਲਗਾਉਣ ਦਾ ਸਿਲਸਿਲਾ ਬੰਦ ਕੀਤਾ ਜਾਵੇਗਾ। ਸਟਿੱਕਰ ਵੀਜ਼ਾ ਦੇ ਯੁੱਗ ਦਾ ਅੰਤ ਹੋ ਜਾਵੇਗਾ ਅਤੇ ਇਸ ਦੀ ਬਜਾਏ ਵੀਜ਼ਾ ਦਾ ਡਿਜੀਟਲ ਰੂਪ (ਫ਼ੋਨ/ਈਮੇਲ ‘ਚ ਬਾਰਕੋਡ ਰਾਹੀਂ) ਧਾਰਕਾਂ ਨੂੰ ਦਿੱਤਾ ਜਾਇਆ ਕਰੇਗਾ, ਜਿਸ ਦੇ ਆਧਾਰ ‘ਤੇ ਸਫ਼ਰ ਕੀਤਾ ਜਾ ਸਕੇਗਾ ਤੇ ਐਂਟਰੀ ਮਿਲਿਆ ਕਰੇਗੀ।

# ਟਰੰਪ ਵੱਲੋਂ ਕੈਨੇਡਾ 'ਚ ਬਣੇ ਜਹਾਜ਼ਾਂ 'ਤੇ 50 ਫੀਸਦੀ ਟੈਕਸ ਲਾਉਣ ਦੀ ਚਿਤਾਵਨੀ

## ਅਮਰੀਕੀ ਕੰਪਨੀ ਦੇ ਜਹਾਜ਼ਾਂ ਨੂੰ ਮਨਜ਼ੂਰੀ ਨਾ ਦੇਣ 'ਤੇ ਨਤੀਜੇ ਭੁਗਤਣ ਲਈ ਕਿਹਾ

**ਵਾਸ਼ਿੰਗਟਨ**
**ਸਾਂਝੀ ਸੋਚ ਬਿਊਰੋ**

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਅਮਰੀਕੀ ਕੰਪਨੀ ਗਲਫਸਟਰੀਮ ਦੇ ਸਰਟੀਫਿਕੇਸ਼ਨ ਦੇ ਅਮਲ ਨੂੰ ਗਲਤ ਢੰਗ ਨਾਲ ਰੋਕਣ ਦਾ ਦੋਸ਼ ਲਾਇਆ ਹੈ। ਟਰੰਪ ਨੇ ਕੈਨੇਡਾ ਨੂੰ ਆਪਣਾ ਫੈਸਲਾ ਬਦਲਣ ਜਾਂ ਅਮਰੀਕੀ ਟੈਕਸ ਦਾ ਸਾਹਮਣਾ ਕਰਨ ਦੀ ਧਮਕੀ ਦਿੱਤੀ ਹੈ। ਟਰੰਪ ਨੇ ਕਿਹਾ ਕਿ ਜੇ ਕੈਨੇਡਾ ਨੇ ਗਲਫਸਟਰੀਮ ਐਰੋਸਪੇਸ ਕੌਰਪ ਦੇ ਜਹਾਜ਼ਾਂ ਨੂੰ ਮਨਜ਼ੂਰੀ ਨਾ ਦਿੱਤੀ ਤਾਂ ਅਮਰੀਕਾ ਵਿਚ ਵੇਚੇ ਜਾਣ ਵਾਲੇ ਕੈਨੇਡਾ ਦੇ ਜੈੱਟਾਂ ‘ਤੇ ਪੰਜਾਹ ਫੀਸਦੀ ਟੈਕਸ ਲਾਇਆ ਜਾਵੇਗਾ। ਟਰੰਪ ਦੀ ਇਹ ਧਮਕੀ ਅਮਰੀਕਾ ਤੇ ਕੈਨੇਡਾ ਦਰਮਿਆਨ ਵਧ ਰਹੇ ਤਣਾਅ ਨੂੰ ਹੋਰ ਵਧਾ ਸਕਦੀ ਹੈ। ਇਸ ਤੋਂ ਪਹਿਲਾਂ ਵੀ ਦੋਵੇਂ ਦੇਸ਼ ਕਈ ਮਾਮਲਿਆਂ ‘ਤੇ ਆਹਮੋ-ਸਾਹਮਣੇ ਆ ਗਏ ਸਨ। ਟਰੰਪ ਨੇ ਟਰੁੱਥ ‘ਤੇ ਪੋਸਟ ਪਾ ਕੇ ਕਿਹਾ, ”ਜੇ ਕਿਸੇ ਵੀ ਕਾਰਨ ਇਸ ਸਥਿਤੀ ਨੂੰ ਤੁਰੰਤ ਠੀਕ ਨਹੀਂ ਕੀਤਾ ਜਾਂਦਾ ਤਾਂ ਮੈਂ ਸੰਯੁਕਤ ਰਾਜ ਅਮਰੀਕਾ ਵਿਚ ਵੇਚੇ ਜਾਣ ਵਾਲੇ ਕਿਸੇ ਵੀ ਅਤੇ ਸਾਰੇ ਜਹਾਜ਼ਾਂ ‘ਤੇ ਕੈਨੇਡਾ ਤੋਂ 50 ਫੀਸਦੀ ਟੈਰਿਫ ਵਸੂਲਣ ਜਾ ਰਿਹਾ ਹਾਂ।’

ਇਸ ਤੋਂ ਇਕ ਹਫਤਾ ਪਹਿਲਾਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਕੈਨੇਡਾ ਦੇ ਚੀਨ ਨਾਲ ਵਪਾਰਕ ਸੌਦੇ ‘ਤੇ ਕੈਨੇਡਾ ‘ਤੇ 100 ਫੀਸਦੀ ਟੈਰਿਫ ਲਾਉਣ ਦੀ ਧਮਕੀ ਦਿੱਤੀ ਸੀ। ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਜੇ ਇਹ ਦੇਸ਼ ਚੀਨ ਨਾਲ ਵਪਾਰਕ ਸੌਦਾ ਕਰਦਾ ਹੈ, ਤਾਂ ਅਮਰੀਕਾ ਕੈਨੇਡਾ ਤੋਂ ਆਉਣ ਵਾਲੇ ਸਾਮਾਨ ‘ਤੇ 100 ਫੀਸਦੀ ਟੈਕਸ ਲਾ ਦੇਵੇਗਾ। ਟਰੰਪ ਨੇ ਸੋਸ਼ਲ ਮੀਡੀਆ ‘ਤੇ ਕਾਰਨੀ ਨੂੰ ਗਵਰਨਰ ਵਜੋਂ ਸੰਬੋਧਨ ਕਰਦਿਆਂ ਪੋਸਟ ਕੀਤੀ ਸੀ, ”ਜੇਕਰ ਗਵਰਨਰ ਕਾਰਨੀ ਸੋਚਦੇ ਹਨ ਕਿ ਉਹ ਚੀਨ ਲਈ ਸੰਯੁਕਤ ਰਾਜ ਅਮਰੀਕਾ ਵਿਚ ਸਾਮਾਨ ਅਤੇ ਉਤਪਾਦ ਭੇਜਣ ਲਈ ਕੈਨੇਡਾ ਨੂੰ ਡਰੌਪ ਆਫ ਪੋਰਟ ਬਣਾਉਣ ਜਾ ਰਹੇ ਹਨ, ਤਾਂ ਉਹ ਗਲਤ ਹਨ। ਉਨ੍ਹਾਂ ਕਿਹਾ ਕਿ ਚੀਨ ਕੈਨੇਡਾ ਦੇ ਹਿੱਤ ਪ੍ਰਭਾਵਿਤ ਕਰੇਗਾ ਤੇ ਇਸ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਦੇਵੇਗਾ। ਜੇਕਰ ਕੈਨੇਡਾ ਚੀਨ ਨਾਲ ਕੋਈ ਸੌਦਾ ਕਰਦਾ ਹੈ, ਤਾਂ ਅਮਰੀਕਾ ਵਿਚ ਆਉਣ ਵਾਲੇ ਸਾਰੇ ਕੈਨੇਡੀਅਨ ਸਾਮਾਨ ਅਤੇ ਉਤਪਾਦਾਂ ‘ਤੇ 100 ਫੀਸਦੀ ਟੈਰਿਫ ਲਗਾਇਆ ਜਾਵੇਗਾ।

ਇਸ ਤੋਂ ਪਹਿਲਾਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀਆਂ ਅਣਕਿਆਸੀਆਂ ਅਤੇ ਸਖ਼ਤ ਵਪਾਰਕ ਨੀਤੀਆਂ ਤੋਂ ਤੰਗ ਆ ਕੇ ਕੈਨੇਡਾ ਨਵੇਂ ਰਾਹ ਤਲਾਸ਼ ਰਿਹਾ ਸੀ। ਇਸ ਤੋਂ ਪਹਿਲਾਂ ਕੈਨੇਡਾ ਨੇ ਚੀਨ ਤੋਂ ਆਉਣ ਵਾਲੀਆਂ ਇਲੈਕਟ੍ਰਿਕ ਵਾਹਨਾਂ (ਈ.ਵੀ.) ‘ਤੇ ਲਾਇਆ 100 ਫੀਸਦੀ ਦਰਾਮਦ ਟੈਕਸ ਘਟਾ ਕੇ ਮਹਿਜ਼ 6.1 ਫੀਸਦੀ ਕਰ ਦਿੱਤਾ ਸੀ। ਹਾਲਾਂਕਿ ਪ੍ਰਧਾਨ ਮੰਤਰੀ ਮਾਰਕ ਕਾਰਨੀ ਅਨੁਸਾਰ ਇਹ ਛੋਟ ਸੀਮਤ ਸਮੇਂ ਲਈ ਹੈ। ਇਸ ਤਹਿਤ ਫਿਲਹਾਲ ਸਾਲਾਨਾ 49,000 ਗੱਡੀਆਂ ਹੀ ਮੰਗਵਾਈਆਂ ਜਾ ਸਕਣਗੀਆਂ, ਪਰ ਪੰਜ ਸਾਲਾਂ ‘ਚ ਇਹ ਗਿਣਤੀ ਵਧਾ ਕੇ 70,000 ਕਰ ਦਿੱਤੀ ਜਾਵੇਗੀ।


TAKE CONTROL
OF YOUR HEALTH
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ AMERICA ਵਿੱਚ BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org


2450 VENTURE OAKS WAY, STE 225 SACRAMENTO, CA


WE HAVE THE CHEAPEST FARES TO INDIA
LEGEND TRAVEL
arc
accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA

# ਅਕਾਲੀ ਭਾਜਪਾ ਸਰਕਾਰ ਦਾ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਅਤੇ ਉਸ ਦਾ ਭਰਾ ਰਣਜੀਤ ਸਿੰਘ ਅਦਾਲਤ ਵੱਲੋਂ ਭਗੌੜਾ ਕਰਾਰ

ਰਈਆ
ਅਮਰਵੀਰ ਸਿੰਘ ਆਜ਼ਾਦ

ਅਕਾਲੀ-ਭਾਜਪਾ ਸਰਕਾਰ ਦੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਅਤੇ ਉਸ ਦੇ ਭਰਾ ਰਣਜੀਤ ਸਿੰਘ ਨੂੰ ਮਾਣਯੋਗ ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਬਾਬਾ ਬਕਾਲਾ ਸਾਹਿਬ ਵੱਲੋ ਭਗੌੜਾ ਕਰਾਰ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਅਕਾਲੀ ਸਰਕਾਰ ਦੇ ਸਮੇ ਮਿਤੀ 18-9-2015 ਨੂੰ ਪੁਲਿਸ ਥਾਣਾ ਖਿਲਚੀਆ ਵੱਲੋ ਇੱਕ ਗੈਰ ਰਿਹਾਸਤੀ ਕੇਸ ਵਿੱਚ ਉਤਪੰਨ ਹੋਏ ਝਗੜੇ ਤੋ ਬਾਅਦ ਉਸ ਸਮੇ ਦੇ ਅਕਾਲੀ ਵਿਧਾਇਕ ਮਨਜੀਤ ਸਿੰਘ ਮੰਨਾ, ਰਣਜੀਤ ਸਿੰਘ ਦੋਵੇ ਪੁੱਤਰ ਮਹਿੰਦਰ ਸਿੰਘ, ਹਰਜੀਤ ਸਿੰਘ ਪੁੱਤਰ ਸੁੱਚਾ ਸਿੰਘ ਸਾਰੇ ਵਾਸੀਮੀਆਵਿੰਡ, ਮਨਜੀਤ ਸਿੰਘ ਮੰਨ੍ਹਾ ਦੇ ਪੀ.ਏ ਹਰਪ੍ਰੀਤ ਸਿੰਘ ਪੁੱਤਰ ਝੰਡਾ ਸਿੰਘ ਵਾਸੀ ਖੱਖ ਅਤੇ ਬਲਦੇਵ ਸਿੰਘ ਪੁੱਤਰ ਚਰਨ ਸਿੰਘ ਵਾਸੀ ਪਿੰਡ ਭੋਰਸ਼ੀ ਰਾਜਪੂਤਾ ਨੇ ਆਪਣੀ ਹੀ ਪਾਰਟੀ ਦੇ ਸਰਗਰਮ ਵਰਕਰ ਪੂਰਨ ਸਿੰਘ ਪੁੱਤਰ ਚੂੜ ਸਿੰਘ ਵਾਸੀ ਖਿਲਚੀਆਂ ਦੀ ਬੁਰੀ ਤਰਾਂ ਮਾਰ ਕੁਟਾਈ ਕੀਤੀ ਅਤੇ ਆਪਣੇ ਤੇਜਧਾਰ ਹਥਿਆਰਾਂ ਨਾਲ ਸੱਟਾਂ ਮਾਰੀਆਂ। ਉਕਤ ਦੋਸ਼ੀਆਂ ਨੇ ਪੂਰਨ ਸਿੰਘ ਦੀ ਪੱਗ ਉਤਾਰ ਦਿੱਤੀ ਅਤੇ ਉਸ ਦੇ ਕੇਸਾਂ ਅਤੇ ਦਾਹੜੀ ਦੀ ਬੇਅਦਬੀ ਵੀ ਕੀਤੀ। ਵਿਧਾਇਕ ਅਤੇ ਇਸ ਦੇ ਸਾਥੀਆਂ ਦੇ ਅੱਤਿਆਚਾਰ ਤੋਂ ਪੀੜਤ ਪੂਰਨ ਸਿੰਘ ਦੇ ਲੜਕੇ ਨੇ ਇਸ ਘਟਨਾ ਸਬੰਧੀ ਪੁਲਿਸ ਥਾਣਾ ਇਤਲਾਹ ਦਿੱਤੀ ਅਤੇ ਸੱਟਾਂ ਸਬੰਧੀ ਮੈਡੀਕਲ ਕਰਵਾਉਣ ਲਈ ਪੁਲਿਸ ਡਾਕਟ ਦੀ ਮੰਗ ਕੀਤੀ ਪਰ ਉਸ ਸਮੇ ਦੋਸ਼ੀ ਦੇ ਮੌਜੂਦਾ ਵਿਧਾਇਕ ਹੋਣ ਕਾਰਨ ਪੁਲਿਸ ਨੇ ਪੂਰਨ ਸਿੰਘ ਦੀ ਕੋਈ ਗੱਲ ਨਹੀ ਸੁਣੀ। ਪੀੜਤ ਦੇ ਲੜਕੇ ਨੇ ਇਸ ਸਬੰਧੀ ਪੰਜਾਬ ਪੁਲਿਸ ਦੇ ਹੈਲਪ ਲਾਇਨ ਨੰਬਰ 181 ਤੇ ਸ਼ਿਕਾਇਤ ਵੀ ਕੀਤੀ ਜਿਸ ਦਾ ਨੰਬਰ ਏ.ਐਮ.ਆਰ-ਆਰ ਆਰ 814229 ਮਿਤੀ 18-9-2015 ਹੈ । ਹਰਦੀਪ ਸਿੰਘ ਨੇ ਪੂਰਨ ਸਿੰਘ ਨੂੰ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰ ਦਾਖਿਲ ਕਰਵਾਇਆ ਜਿੱਥੇ ਉਸ ਦਾ ਇਲਾਜ ਹੋਇਆ ਅਤੇ ਡਾਕਟਰਾਂ ਨੇ ਪੂਰਨ ਸਿੰਘ ਦੀ ਮੈਡੀਕਲ ਲੀਗਲ ਬਣਾ ਕੇ ਪੁਲਿਸ ਥਾਣਾ ਖਿਲਚੀਆਂ ਭੇਜੀ।ਪੀੜਤ ਨੇ ਇਸ ਮਾਮਲੇ ਸਬੰਧੀ ਉੱਚ ਪੁਲਿਸ ਅਧਿਕਾਰੀਆ ਨੂੰ ਇਤਲਾਹ ਦਿੱਤੀ ਪਰ ਦੋਸ਼ੀਆਂ ਦੀ ਰਾਜਨੀਤਿਕ ਪਹੁੰਚ ਕਾਰਨ ਪੁਲਿਸ ਨੇ ਦੋਸ਼ੀਆਂ ਖਿਲਾਫ ਕੋਈ ਵੀ ਕਾਨੂੰਨੀ ਕਾਰਵਈ ਨਹੀ ਕੀਤੀ।ਜਿਸ ਤੇ ਪੀੜਤ ਪੂਰਨ ਸਿੰਘ ਨੇ ਵਕੀਲ ਵੀ.ਕੇ ਜਸਵਾਲ ਰਾਹੀ ਜੁਡੀਸ਼ੀਅਲ ਮੈਜਿਸਟਰੇਟ ਬਾਬਾ ਬਕਾਲਾ ਸਾਹਿਬ ਦੀ ਅਦਾਲਤ ਵਿੱਚ 156 (3) ਸੀ.ਆਰ.ਪੀ.ਸੀ ਤਹਿਤ ਸ਼ਿਕਾਇਤ ਦਰਜ ਕੀਤੀ ਕਿ ਦੋਸ਼ੀਆਂ ਖਿਲਾਫ ਮੁਕਦਮਾ ਦਰਜ ਕਰਨ ਲਈ ਪੁਲਿਸ ਥਾਣਾ ਖਿਲਚੀਆਂ ਨੂੰ ਹਦਾਇਤ ਕੀਤੀ ਜਾਵੇ ਪਰ ਜੱਜ ਨੇ ਇਸ ਸ਼ਿਕਾਇਤ ਨੂੰ ਇਤਸਗਾਸਾ ਵਿੱਚ ਬਦਲ ਲਿਆ।ਇਸ ਇਤਸਗਾਸੇ ਵਿੱਚ ਜੱਜ ਨੇ ਕੁੱਲ 9 ਗਵਾਹਾਂ ਜਿਸ ਵਿੱਚ ਸ਼ਿਕਾਇਤਕਰਤਾ, ਮੌਕੇ ਦੇ ਗਵਾਹਾਂ, ਡਾਕਟਰੀ ਰਿਪੋਰਟ ਸਬੰਧੀ ਡਾਕਟਰਾਂ, ਪੁਲਿਸ ਨੂੰ ਕੀਤੀਆ ਸ਼ਿਕਾਇਤਾ ਸਬੰਧੀ ਸਰਕਾਰੀ ਗਵਾਹਾਂ ਦੇ ਬਿਆਨ ਕਲਮਬੰਦ ਕਰਨ ਤੋਂ ਬਾਅਦ ਵਕੀਲ ਵੀ.ਕੇ ਜਸਵਾਲ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਹੋਇਆਂ ਮਾਣਯੋਗ ਸ੍ਰੀ ਰੰਜੀਵਪਾਲ ਸਿੰਘ ਚੀਮਾ ਜੁਡੀਸ਼ੀਅਲ ਮੈਜਿਸਟਰੇਟ ਬਾਬਾ ਬਕਾਲਾ ਸਾਹਿਬ ਵੱਲੋਂ ਮਿਤੀ 12-7-2019 ਨੂੰ ਸਾਰੇ ਦੋਸ਼ੀਆ ਨੂੰ ਧਾਰਾ 26,324,323,341,148,149 ਤਹਿਤ ਸੰਮਨ ਜਾਰੀ ਕਰਕੇ ਸਾਰੇ ਦੋਸ਼ੀਆਂ ਨੂੰ ਮਿਤੀ 8-8-2019 ਨੂੰ ਅਦਾਲਤ ਵਿੱਚ ਪੇਸ਼ ਹੋਣ ਲਈ ਹੁਕਮ ਜਾਰੀ ਕੀਤੇ। ਇਸ ਕੇਸ ਵਿੱਚ ਮਨਜੀਤ ਸਿੰਘ ਮੰਨਾ ਦਾ ਨਿਜੀ ਸਹਾਇਕ ਹਰਪ੍ਰੀਤ ਸਿੰਘ ਅਤੇ ਬਲਦੇਵ ਸਿੰਘ ਵਕੀਲ ਮਨਿੰਦਰਜੀਤ ਸਿੰਘ ਗਹਿਰੀ ਰਾਹੀਂ ਪੇਸ਼ ਹੋ ਗਏ ਪਰ ਬਾਕੀ ਦੋਸ਼ੀਆਂ ਨੇ ਆਪਣੇ ਕਾਨੂੰਨੀ ਦਾਅ ਪੇਚ ਖੇਡਦਿਆਂ ਮਾਮਲੇ ਨੂੰ ਅੱਜ ਤੱਕ ਲਟਕਾਈ ਰੱਖਿਆ ਅਤੇ ਅਦਾਲਤ ਦੇ ਹੁਕਮਾਂ ਨੂੰ ਟਿੱਚ ਜਾਣਦਿਆਂ ਅਦਾਲਤ ਵਿੱਚ ਪੇਸ਼ ਨਹੀ ਹੋਏ। ਜਿਸ ਤੇ ਮਾਣਯੋਗ ਜੱਜ ਮਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਬਾਬਾ ਬਕਾਲਾ ਨੇ ਮਿਤੀ 29-5-2025 ਨੂੰ ਪੁਲਿਸ ਨੂੰ ਦੋਸ਼ੀਆਂ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ, ਉਸ ਦੇ ਭਰਾ ਰਣਜੀਤ ਸਿੰਘ ਅਤੇ ਇੱਕ ਸਾਥੀ ਹਰਜੀਤ ਸਿੰਘ ਦੇ ਗ੍ਰਿਫਤਾਰੀ ਵਰੰਟ ਜਾਰੀ ਕਰਕੇ ਮਿਤੀ 12-6-2025 ਨੂੰ ਅਦਾਲਤ ਵਿੱਚ ਪੇਸ਼ ਕਰਨ ਦੇ ਹੁਕਮ ਜਾਰੀ ਕੀਤੇ ਸਨ, ਪਰ ਉਕਤ ਮਨਜੀਤ ਸਿੰਘ ਮੰਨਾ ਅਤੇ ਉਸ ਦਾ ਭਰਾ ਰਣਜੀਤ ਸਿੰਘ ਜਾਣ ਬੁੱਝ ਕੇ ਅਦਾਲਤ ਵਿੱਚ ਪੇਸ਼ ਨਹੀ ਹੋਏ ਜਿਸ ਤੇ ਮਾਣਯੋਗ ਜੱਜ ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ ਬਾਬਾ ਬਕਾਲਾ ਨੇ ਇਨਾਂ ਦੋਹਾਂ ਨੂੰ ਮਿਤੀ 31 ਜਨਵਰੀ 2026 ਨੂੰ ਭਗੌੜਾ ਕਰਾਰ ਦੇ ਦਿੱਤਾ ਅਤੇ ਇਸ ਸੰਬੰਧੀ ਥਾਣਾ ਮੁੱਖੀ ਖਿਲਚੀਆਂ ਨੂੰ ਵੀ ਸੂਚਿਤ ਕੀਤਾ ਗਿਆ ਹੈ। ਮਾਣਯੋਗ ਜੱਜ ਸਾਹਿਬਾਨ ਨੇ ਬਾਕੀ ਦੋਸ਼ੀਆਂ ਖਿਲਾਫ ਗਵਾਹੀ ਲਈ 16 ਫਰਵਰੀ ਨਿਸ਼ਚਿਤ ਕੀਤੀ ਹੈ।



# ਮੁੱਖਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬੀਆਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ- ਡਾ. ਜਸਬੀਰ ਸਿੰਘ ਸੰਧੂ

ਅੰਮ੍ਰਿਤਸਰ
ਧੈਰਿਆ ਮਹਿਰਾ

ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਦੇ ਪਿੰਡ ਗੁਮਾਨਪੁਰ ਵਿਖੇ ਮੁੱਖ ਮੰਤਰੀ ਸਿਹਤ ਯੋਜਨਾਂ ਦੇ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕਰਨ ਲਈ ਲਗਾਏ ਗਏ ਕੈਂਪ ਵਿੱਚ ਪਹੁੰਚੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।

ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸ ਨੇ ਔਰਤਾਂ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਅਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ। ਚੋਣਾਂ ਤੋਂ ਪਹਿਲਾਂ ਦਿੱਤੀਆਂ ਗਾਰੰਟੀਆਂ ਵਿੱਚੋਂ ਇੱਕ ਸਿਹਤ ਗਾਰੰਟੀ ਸੀ ਕਿ ਪੰਜਾਬ ਦੇ ਹਰ ਵਿਅਕਤੀ ਅਤੇ ਹਰ ਨਾਗਰਿਕ ਲਈ



ਮੁਫ਼ਤ ਅਤੇ ਮਿਆਰੀ ਸਿਹਤ ਸੰਭਾਲ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨੇ ਪਿੰਡਾਂ ਅਤੇ ਮੁਹੱਲਿਆਂ ਵਿੱਚ ਲਗਭਗ 1,000 ਮੁਹੱਲਾ ਕਲੀਨਿਕ ਬਣਾਏ ਹਨ। ਪਿਛਲੇ 75 ਸਾਲਾਂ ਵਿੱਚ, ਸਾਰੀਆਂ ਸਰਕਾਰਾਂ ਨੇ ਮਿਲ ਕੇ ਸਿਰਫ਼ 400 ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹੇ ਹਨ, ਜਦੋਂ ਕਿ ਮੌਜੂਦਾ ਸਰਕਾਰ ਨੇ ਸਿਰਫ਼ ਚਾਰ ਸਾਲਾਂ ਵਿੱਚ 1,000 ਮੁਹੱਲਾ ਕਲੀਨਿਕ ਬਣਾਏ ਹਨ ਅਤੇ ਹੋਰ 500 ਨਿਰਮਾਣ ਅਧੀਨ ਹਨ।ਵਿਧਾਇਕ ਡਾ. ਸੰਧੂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ "ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ। ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ, ਜਿਨ੍ਹਾਂ ਵਿੱਚ ਅਮੀਰ ਅਤੇ ਗਰੀਬ, ਹਿੰਦੂ, ਮੁਸਲਮਾਨ, ਸਿੱਖ, ਈਸਾਈ ਅਤੇ ਸਾਰੇ ਧਰਮਾਂ ਅਤੇ ਜਾਤਾਂ ਦੇ ਲੋਕ ਸ਼ਾਮਲ ਹਨ। ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ।"ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਦੱਸਿਆ ਕਿ ਇਹ ਕਾਰਡ ਸਾਰਿਆਂ ਲਈ ਹੈ ਅਤੇ 65 ਲੱਖ ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ। ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ ਅਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਆਪਣੇ ਹਲਕੇ ਦੇ ਸਮੂਹ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਲੈਣ ਲਈ ਆਪਣਾ ਨਾਮ ਜ਼ਰੂਰ ਰਜਿਸਟਰ ਕਰਵਾਉਣ।

# ਨਸ਼ਿਆਂ ਵਿਰੁੱਧ ਜੰਗ: ਗਵਰਨਰ ਕਟਾਰੀਆ ਕਰਨਗੇ ਸਰਹੱਦੀ ਜ਼ਿਲ੍ਹਿਆਂ 'ਚ ਪੈਦਲ ਯਾਤਰਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿੱਚ ਨਸ਼ਿਆਂ ਦੇ ਵਧ ਰਹੇ ਖ਼ਤਰੇ ਨੂੰ ਨੱਥ ਪਾਉਣ ਲਈ ਗਵਰਨਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਇੱਕ ਵੱਡੀ ਪਹਿਲ ਕੀਤੀ ਹੈ। ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਪੱਤਰ ਲਿਖ ਕੇ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਤਰੇ ਨੂੰ ਦੂਰ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਨਾਂ ਦੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਭਾਰਤੀ ਰੈੱਡ ਕਰਾਸ ਸੋਸਾਇਟੀ ਵੱਲੋਂ ਪੰਜਾਬ ਦੇ ਤਿੰਨ ਪ੍ਰਮੁੱਖ ਸਰਹੱਦੀ ਜ਼ਿਲ੍ਹਿਆਂ ਵਿੱਚ ਚਾਰ ਦਿਨਾਂ ਦੀ ਜਾਗਰੂਕਤਾ ਪੈਦਲ ਯਾਤਰਾ ਕੱਢੀ ਜਾਵੇਗੀ। ਇਹ ਯਾਤਰਾ ਤਰਨ ਤਾਰਨ, ਫਿਰੋਜ਼ਪੁਰ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਵਿੱਚ ਕੱਢੀ ਜਾਵੇਗੀ। ਇਹ ਜਾਗਰੂਕਤਾ ਯਾਤਰਾ 9 ਫਰਵਰੀ ਤੋਂ 12 ਫਰਵਰੀ 2026 ਤੱਕ ਚੱਲੇਗੀ।ਗਵਰਨਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਖ਼ੁਦ ਨਿੱਜੀ ਰੂਪ ਵਿੱਚ ਇਸ ਪੈਦਲ ਯਾਤਰਾ ਦੀ ਅਗਵਾਈ ਕਰਨ ਦਾ ਫੈਸਲਾ ਕੀਤਾ ਹੈ। ਗਵਰਨਰ ਨੇ ਆਪਣੇ ਪੱਤਰ ਵਿੱਚ ਜ਼ਿਕਰ ਕੀਤਾ ਹੈ ਕਿ ਉਨ੍ਹਾਂ ਨੇ ਇਸ ਮੁੱਦੇ 'ਤੇ ਮੰਤਰੀਆਂ, ਸੰਸਦ ਮੈਂਬਰਾਂ, ਵਿਧਾਇਕਾਂ, ਯੂਨੀਵਰਸਿਟੀਆਂ ਦੇ ਵੀ.ਸੀਜ਼ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ ਹੈ।ਉਨ੍ਹਾਂ ਦਾ ਮੰਨਣਾ ਹੈ ਕਿ ਇਸ ਗੰਭੀਰ ਸਮੱਸਿਆ ਦੇ ਹੱਲ ਲਈ ਸਾਰਿਆਂ ਨੂੰ ਮਿਲ ਕੇ ਹੰਭਲਾ ਮਾਰਨ ਦੀ ਲੋੜ ਹੈ। ਉਨ੍ਹਾਂ ਨੇ ਸਪੀਕਰ ਸੰਧਵਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੀ ਸਹੂਲਤ ਅਨੁਸਾਰ ਕਿਸੇ ਵੀ ਇੱਕ ਦਿਨ ਇਸ ਯਾਤਰਾ ਦਾ ਹਿੱਸਾ ਜ਼ਰੂਰ ਬਣਨ।




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD
TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਵਿਸ਼ਵ ਕੈਂਸਰ ਦਿਵਸ ਇੱਕ ਵਿਸ਼ਵਵਿਆਪੀ ਜਾਗਰੂਕਤਾ

SANJHI SOCH
ਸੰਦੀਪ ਕੁਮਾਰ
ਐਮਸੀਏ, ਐਮ.ਏ ਮਨੋਵਿਗਿਆਨ
7009807121
liberalthinker1621@gmail.com



ਹਰ ਸਾਲ ਪੂਰੀ ਦੁਨੀਆ ਵਿਚ ਵਿਸ਼ਵ ਕੈਂਸਰ ਦਿਵਸ ਮਨਾਇਆ ਜਾਂਦਾ ਹੈ। ਇਹ ਦਿਨ ਸਿਰਫ਼ ਇੱਕ ਤਾਰੀਖ ਨਹੀਂ, ਸਗੋਂ ਇੱਕ ਵਿਸ਼ਵਵਿਆਪੀ ਜਾਗਰੂਕਤਾ ਅਤੇ ਕਾਰਵਾਈ ਦਾ ਪ੍ਰਤੀਕ ਹੈ। ਇਸ ਦਿਨ ਦਾ ਮਕਸਦ ਕੈਂਸਰ ਬਾਰੇ ਲੋਕਾਂ ਵਿਚ ਸਹੀ ਜਾਣਕਾਰੀ ਫੈਲਾਉਣਾ, ਰੋਕਥਾਮ ਨੂੰ ਉਤਸ਼ਾਹਿਤ ਕਰਨਾ, ਸਮੇਂ ਸਿਰ ਜਾਂਚ ਅਤੇ ਇਲਾਜ ਨੂੰ ਸੰਭਵ ਬਣਾਉਣਾ ਅਤੇ ਉਹਨਾਂ ਲੋਕਾਂ ਨੂੰ ਸਹਿਯੋਗ ਦੇਣਾ ਹੈ ਜੋ ਇਸ ਰੋਗ ਨਾਲ ਜੂਝ ਰਹੇ ਹਨ। ਯੂਨੀਅਨ ਫਾਰ ਇੰਟਰਨੈਸ਼ਨਲ ਕੈਂਸਰ ਕੰਟਰੋਲ ਵੱਲੋਂ ਚਲਾਈ ਜਾਂਦੀ ਇਹ ਮੁਹਿੰਮ ਹਰ ਸਾਲ ਲੱਖਾਂ ਲੋਕਾਂ ਨੂੰ ਜਿਸ ਵਿੱਚ ਡਾਕਟਰਾਂ, ਮਰੀਜ਼ਾਂ, ਪਰਿਵਾਰਾਂ, ਸਰਕਾਰਾਂ ਅਤੇ ਆਮ ਨਾਗਰਿਕਾਂ ਨੂੰ ਇੱਕ ਮੰਚ ਤੇ ਲਿਆਉਂਦੀ ਹੈ। 2025 ਤੋਂ 2027 ਤੱਕ ਚੱਲ ਰਹੀ ਤਿੰਨ ਸਾਲਾਂ ਦੀ ਮੁਹਿੰਮ ਦਾ ਥੀਮ ਹੈ "ਯੂਨਾਈਟਡ ਬਾਏ ਯੂਨੀਕ" ਜਿਸ ਦਾ ਪੰਜਾਬੀ ਵਿਚ ਅਰਥ ਬਣਦਾ ਹੈ "ਵਿਲੱਖਣਤਾ ਵਿਚ ਜੁੜੇ ਹੋਏ" ਜਾਂ "ਵਿਅਕਤੀਗਤ ਵਿਲੱਖਣਤਾ ਨਾਲ ਇੱਕਜੁਟ" । ਇਸ ਥੀਮ ਦਾ ਮੁੱਖ ਸੰਦੇਸ਼ ਬਹੁਤ ਸਾਫ਼ ਹੈ, ਹਰ ਕੈਂਸਰ ਮਰੀਜ਼ ਦੀ ਕਹਾਣੀ ਵੱਖਰੀ ਹੁੰਦੀ ਹੈ। ਉਸ ਦੀ ਉਮਰ, ਜੀਵਨ-ਸ਼ੈਲੀ, ਪਰਿਵਾਰਕ ਪਿਛੋਕੜ, ਆਰਥਿਕ ਹਾਲਤ, ਭਾਵਨਾਵਾਂ ਅਤੇ ਜ਼ਰੂਰਤਾਂ, ਸਭ ਕੁਝ ਵਿਲੱਖਣ ਹੁੰਦਾ ਹੈ। ਪਰ ਇਹਨਾਂ ਸਾਰੀਆਂ ਵਿਲੱਖਣਤਾਵਾਂ ਦੇ ਬਾਵਜੂਦ ਅਸੀਂ ਸਾਰੇ ਇੱਕ ਆਮ ਟੀਚੇ ਲਈ ਜੁੜੇ ਹਾਂ, ਕੈਂਸਰ ਨੂੰ ਹਰਾਉਣ ਲਈ, ਇਸ ਤੋਂ ਪੀੜਤ ਵਿਅਕਤੀਆਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਲਈ ਅਤੇ ਇੱਕ ਅਜਿਹੀ ਦੁਨੀਆ ਬਣਾਉਣ ਲਈ ਜਿੱਥੇ ਮਰੀਜ਼ ਨੂੰ ਸਿਰਫ਼ ਰੋਗ ਵਜੋਂ ਨਹੀਂ, ਸਗੋਂ ਇੱਕ ਪੂਰਨ ਵਿਅਕਤੀ ਵਜੋਂ ਵੇਖਿਆ ਜਾਵੇ ਤਾਂ ਜੋ ਪੀੜਤ ਵੀ ਆਪਣੇ-ਆਪ ਨੂੰ ਸਮਾਜ ਦਾ ਹਿੱਸਾ ਮੰਨ ਸਕੇ।

ਪਿਛਲੇ ਸਾਲਾਂ ਵਿਚ ਕੈਂਸਰ ਦੇ ਇਲਾਜ ਵਿਚ ਬਹੁਤ ਤਰੱਕੀ ਹੋਈ ਹੈ। ਟਾਰਗੇਟਿਡ ਥੈਰੇਪੀ, ਇਮਿਊਨੋਥੈਰੇਪੀ, ਜੀਨ ਐਡਿਟਿੰਗ, ਰੋਬੋਟਿਕ ਸਰਜਰੀ ਅਤੇ ਪ੍ਰਿਸੀਜ਼ਨ ਮੈਡੀਸਨ ਵਰਗੀਆਂ ਤਕਨੀਕਾਂ ਨੇ ਬਹੁਤ ਸਾਰੇ ਕੈਂਸਰਾਂ ਨੂੰ ਬਿਲਕੁਲ ਠੀਕ ਕਰਨਾ ਜਾਂ ਲੰਬੇ ਸਮੇਂ ਤੱਕ ਕੰਟਰੋਲ ਵਿਚ ਰੱਖਣਾ ਸੰਭਵ ਬਣਾ ਦਿੱਤਾ ਹੈ। ਪਰ ਇਹ ਸਾਰੀਆਂ ਤਰੱਕੀਆਂ ਤਾਂ ਸਿਰਫ਼ ਉਹਨਾਂ ਤੱਕ ਪਹੁੰਚਦੀਆਂ ਹਨ ਜਿੱਥੇ ਸਿਹਤ ਸੇਵਾਵਾਂ ਮਜ਼ਬੂਤ ਹਨ। ਅਜੇ ਵੀ ਦੁਨੀਆ ਦੇ ਵੱਡੇ ਹਿੱਸੇ ਵਿਚ, ਖਾਸ ਕਰਕੇ ਨਿਮਨ ਅਤੇ ਮੱਧਮ ਆਮਦਨ ਵਾਲੇ ਦੇਸ਼ਾਂ ਵਿਚ, ਕੈਂਸਰ ਦੀ ਜਾਂਚ, ਇਲਾਜ ਅਤੇ ਦਵਾਈਆਂ ਤੱਕ ਪਹੁੰਚ ਬਹੁਤ ਘੱਟ ਹੈ। ਭਾਰਤ ਵਿਚ ਵੀ ਸਥਿਤੀ ਚਿੰਤਾਜਨਕ ਹੈ। ਹਰ ਸਾਲ ਲਗਭਗ 14-15 ਲੱਖ ਨਵੇਂ ਕੇਸ ਅਤੇ 9-10 ਲੱਖ ਮੌਤਾਂ ਹੁੰਦੀਆਂ ਹਨ। ਪੰਜਾਬ, ਹਰਿਆਣਾ ਅਤੇ ਉੱਤਰੀ ਭਾਰਤ ਦੇ ਕਈ ਇਲਾਕਿਆਂ ਵਿਚ ਖੇਤੀਬਾੜੀ ਵਿਚ ਵਰਤੇ ਜਾਂਦੇ ਕੀਟਨਾਸ਼ਕਾਂ ਅਤੇ ਪ੍ਰਦੂਸ਼ਣ ਕਾਰਨ ਖਾਸ ਕਿਸਮਾਂ ਦੇ ਕੈਂਸਰ (ਜਿਵੇਂ ਗਲੇ, ਫੇਫੜੇ ਅਤੇ ਗਰਦਨ ਦਾ ਕੈਂਸਰ) ਵਧ ਰਹੇ ਹਨ।

ਇਸ ਥੀਮ "ਯੂਨਾਈਟਡ ਬਾਏ ਯੂਨੀਕ" ਨੂੰ ਸਮਝਣ ਲਈ ਸਭ ਤੋਂ ਵੱਡੀ ਗੱਲ ਇਹ ਹੈ ਕਿ ਕੈਂਸਰ ਨੂੰ ਸਿਰਫ਼ ਸਰੀਰਕ ਬਿਮਾਰੀ ਨਹੀਂ ਸਮਝਿਆ ਜਾਣਾ ਚਾਹੀਦਾ। ਇਹ ਇੱਕ ਵਿਅਕਤੀ ਦੀ ਪੂਰੀ ਜ਼ਿੰਦਗੀ ਨੂੰ ਭਾਵ ਉਸ ਦੀ ਨੌਕਰੀ, ਪਰਿਵਾਰਕ ਰਿਸ਼ਤੇ, ਮਾਨਸਿਕ ਸਿਹਤ, ਆਰਥਿਕ ਹਾਲਤ ਅਤੇ ਸਮਾਜ ਵਿਚ ਸਥਿਤੀ ਨੂੰ ਪ੍ਰਭਾਵਿਤ ਕਰਦਾ ਹੈ। ਇੱਕ ਔਰਤ ਜਿਸ ਨੂੰ ਆਖਰੀ ਸਟੇਜ ਦਾ ਬ੍ਰੈਸਟ ਕੈਂਸਰ ਹੋਵੇ, ਉਸ ਲਈ ਸਿਰਫ਼ ਕੀਮੋਥੈਰੇਪੀ ਜਾਂ ਰੇਡੀਏਸ਼ਨ ਕਾਫ਼ੀ ਨਹੀਂ। ਉਸ ਨੂੰ ਆਪਣੇ ਬੱਚਿਆਂ ਦੀ ਚਿੰਤਾ, ਪਤੀ ਦਾ ਸਹਿਯੋਗ, ਨੌਕਰੀ ਦੀ ਸੁਰੱਖਿਆ ਅਤੇ ਸਮਾਜ ਵਿਚ ਨਜ਼ਰਾਂ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ। ਇੱਕ ਨੌਜਵਾਨ ਨੂੰ ਜੇ ਲਿਊਕੇਮੀਆ ਹੋਵੇ ਤਾਂ ਉਸ ਲਈ ਬੋਨ ਮੈਰੋ ਟ੍ਰਾਂਸਪਲਾਂਟ ਤੋਂ ਇਲਾਵਾ ਭਵਿੱਖ ਦੀ ਬੇਚੈਨੀ ਵੀ ਬਹੁਤ ਵੱਡੀ ਚੁਣੌਤੀ ਹੁੰਦੀ ਹੈ। ਇਸੇ ਤਰ੍ਹਾਂ ਬਜ਼ੁਰਗ ਵਿਅਕਤੀ ਲਈ ਪੈਲੀਏਟਿਵ ਕੇਅਰ ਅਤੇ ਦਰਦ ਨਿਵਾਰਣ ਵਧੇਰੇ ਮਹੱਤਵਪੂਰਨ ਹੋ ਜਾਂਦਾ ਹੈ। ਇਸ ਲਈ ਲੋੜ ਹੈ ਪੀਪਲ-ਸੈਂਟਰਡ ਕੇਅਰ ਦੀ,ਯਾਨੀ ਵਿਅਕਤੀ-ਕੇਂਦਰਿਤ ਇਲਾਜ ਪ੍ਰਣਾਲੀ ਦੀ। ਇਸ ਵਿਚ ਡਾਕਟਰ ਸਿਰਫ਼ ਰਿਪੋਰਟਾਂ ਨਹੀਂ ਵੇਖਦੇ, ਸਗੋਂ ਮਰੀਜ਼ ਦੀਆਂ ਭਾਵਨਾਵਾਂ, ਉਸ ਦੀਆਂ ਚਿੰਤਾਵਾਂ ਅਤੇ ਉਸ ਦੇ ਪਰਿਵਾਰ ਨੂੰ ਵੀ ਸੁਣਦੇ ਹਨ। ਮਰੀਜ਼ ਨੂੰ ਆਪਣੇ ਇਲਾਜ ਵਿਚ ਸ਼ਾਮਲ ਕੀਤਾ ਜਾਂਦਾ ਹੈ, ਉਸ ਨੂੰ ਸਾਰੇ ਵਿਕਲਪ ਸਮਝਾਏ ਜਾਂਦੇ ਹਨ, ਉਸ ਦੀ ਸਹਿਮਤੀ ਲਈ ਜਾਂਦੀ ਹੈ ਅਤੇ ਉਸ ਦੀ ਜ਼ਿੰਦਗੀ ਦੀ ਗੁਣਵੱਤਾ ਨੂੰ ਪਹਿਲ ਦਿੱਤੀ ਜਾਂਦੀ ਹੈ। ਇਹ ਸਿਰਫ਼ ਹਸਪਤਾਲਾਂ ਤੱਕ ਸੀਮਤ ਨਹੀਂ, ਸਮੁੱਚੀ ਸਿਹਤ ਪ੍ਰਣਾਲੀ, ਨੀਤੀਆਂ, ਸਰਕਾਰੀ ਯੋਜਨਾਵਾਂ ਅਤੇ ਸਮਾਜ ਨੂੰ ਵੀ ਇਸੇ ਦਿਸ਼ਾ ਵਿਚ ਬਦਲਣ ਦੀ ਲੋੜ ਹੈ।

ਭਾਰਤ ਵਿਚ ਅਜੇ ਵੀ ਕੈਂਸਰ ਨਾਲ ਜੁੜੇ ਬਹੁਤ ਸਾਰੇ ਮਿਥ ਹਨ। ਲੋਕ ਅਕਸਰ ਸੋਚਦੇ ਹਨ ਕਿ ਕੈਂਸਰ ਹੋਣਾ ਮੌਤ ਦਾ ਫੈਸਲਾ ਹੈ, ਜਾਂ ਇਹ ਸਿਰਫ਼ ਅਮੀਰ ਲੋਕਾਂ ਦੀ ਬਿਮਾਰੀ ਹੈ। ਪਰ ਅਸਲੀਅਤ ਇਹ ਹੈ ਕਿ ਸਮੇਂ ਸਿਰ ਜਾਂਚ ਨਾਲ 30-50% ਕੈਂਸਰਾਂ ਨੂੰ ਰੋਕਿਆ ਜਾ ਸਕਦਾ ਹੈ ਅਤੇ ਬਹੁਤ ਸਾਰੇ ਠੀਕ ਵੀ ਹੋ ਜਾਂਦੇ ਹਨ। ਤੰਬਾਕੂ, ਸਿਗਰਟ, ਸ਼ਰਾਬ, ਜ਼ਿਆਦਾ ਲਾਲ ਮੀਟ, ਮੋਟਾਪਾ, ਸੂਰਜ ਦੀਆਂ ਖਤਰਨਾਕ ਕਿਰਨਾਂ ਵਰਗੀਆਂ ਇਨਫੈਕਸ਼ਨਾਂ ਤੋਂ ਬਚਾਅ ਕਰਕੇ ਅਸੀਂ ਆਪਣੇ ਆਪ ਨੂੰ ਸੁਰੱਖਿਅਤ ਕਰ ਸਕਦੇ ਹਾਂ। ਔਰਤਾਂ ਵਿਚ ਬ੍ਰੈਸਟ ਅਤੇ ਸਰਵਾਈਕਲ ਕੈਂਸਰ ਦੀ ਜਾਂਚ (ਮੈਮੋਗ੍ਰਾਫੀ ਅਤੇ ਪੈਪ ਸਮੀਅਰ) ਅਤੇ ਮਰਦਾਂ ਵਿਚ ਪ੍ਰੋਸਟੇਟ ਜਾਂ ਮੂੰਹ ਦੇ ਕੈਂਸਰ ਦੀ ਜਾਂਚ ਬਹੁਤ ਜ਼ਰੂਰੀ ਹੈ। ਵਿਸ਼ਵ ਕੈਂਸਰ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਅਸੀਂ ਇਕੱਲੇ ਨਹੀਂ ਹਾਂ। ਜੇ ਇੱਕ ਵਿਅਕਤੀ ਦੀ ਕਹਾਣੀ ਸੁਣੀ ਜਾਵੇ, ਸਮਝੀ ਜਾਵੇ ਅਤੇ ਉਸ ਅਨੁਸਾਰ ਇਲਾਜ ਦਿੱਤਾ ਜਾਵੇ ਤਾਂ ਨਤੀਜੇ ਬਹੁਤ ਵਧੀਆ ਹੁੰਦੇ ਹਨ। ਇਸ ਲਈ ਸਾਨੂੰ ਆਪਣੇ ਆਲੇ-ਦੁਆਲੇ ਵਾਲੇ ਲੋਕਾਂ ਨੂੰ ਸਹਿਯੋਗ ਦੇਣਾ ਚਾਹੀਦਾ ਹੈ, ਚਾਹੇ ਉਹ ਆਪਣਾ ਪਰਿਵਾਰਕ ਮੈਂਬਰ ਹੋਵੇ, ਦੋਸਤ ਹੋਵੇ ਜਾਂ ਅਣਜਾਨ ਵਿਅਕਤੀ। ਸਰਕਾਰਾਂ ਨੂੰ ਚਾਹੀਦਾ ਹੈ ਕਿ ਕੈਂਸਰ ਦੀਆਂ ਦਵਾਈਆਂ ਨੂੰ ਸਸਤਾ ਬਣਾਇਆ ਜਾਵੇ, ਰੋਕਥਾਮ ਵਾਲੀਆਂ ਯੋਜਨਾਵਾਂ ਨੂੰ ਵਧਾਇਆ ਜਾਵੇ ਅਤੇ ਹਸਪਤਾਲਾਂ ਵਿਚ ਪੈਲੀਏਟਿਵ ਕੇਅਰ ਨੂੰ ਮਜ਼ਬੂਤ ਕੀਤਾ ਜਾਵੇ।

ਅੰਤ ਵਿਚ, "ਯੂਨਾਈਟਡ ਬਾਏ ਯੂਨੀਕ" ਸਾਨੂੰ ਇਹ ਸਿਖਾਉਂਦਾ ਹੈ ਕਿ ਵਿਲੱਖਣਤਾ ਕਮਜ਼ੋਰੀ ਨਹੀਂ, ਸਗੋਂ ਤਾਕਤ ਹੈ। ਜਦੋਂ ਅਸੀਂ ਹਰ ਵਿਅਕਤੀ ਦੀ ਵਿਲੱਖਣ ਕਹਾਣੀ ਨੂੰ ਸਤਿਕਾਰ ਦਿੰਦੇ ਹਾਂ ਅਤੇ ਉਸ ਨੂੰ ਕੇਂਦਰ ਵਿਚ ਰੱਖ ਕੇ ਇਲਾਜ ਕਰਦੇ ਹਾਂ ਤਾਂ ਅਸੀਂ ਇੱਕ ਅਜਿਹੀ ਦੁਨੀਆ ਬਣਾ ਸਕਦੇ ਹਾਂ ਜਿੱਥੇ ਕੈਂਸਰ ਨਾਲ ਲੜਨ ਵਾਲੇ ਲੋਕ ਇਕੱਲੇ ਮਹਿਸੂਸ ਨਾ ਕਰਨ। ਅਸੀਂ ਸਾਰੇ ਇੱਕ ਦੂਜੇ ਨਾਲ ਜੁੜੇ ਹਾਂ, ਇੱਕ ਆਸ, ਇੱਕ ਉਮੀਦ ਅਤੇ ਇੱਕ ਸੰਘਰਸ਼ ਨਾਲ।

ਆਓ, ਇਸ ਵਿਸ਼ਵ ਕੈਂਸਰ ਦਿਵਸ ਤੇ ਵਚਨ ਲਈਏ ਕਿ ਅਸੀਂ ਆਪਣੇ ਆਲੇ-ਦੁਆਲੇ ਵਾਲੇ ਹਰ ਵਿਅਕਤੀ ਨੂੰ ਸਿਰਫ਼ ਮਰੀਜ਼ ਵਜੋਂ ਨਹੀਂ, ਸਗੋਂ ਇੱਕ ਅਨਮੋਲ ਜ਼ਿੰਦਗੀ ਵਜੋਂ ਵੇਖਾਂਗੇ। ਅਸੀਂ ਉਹਨਾਂ ਦੀਆਂ ਕਹਾਣੀਆਂ ਸੁਣਾਂਗੇ, ਸਮਝਾਂਗੇ ਅਤੇ ਉਹਨਾਂ ਨਾਲ ਮਿਲ ਕੇ ਇਸ ਰੋਗ ਨੂੰ ਹਰਾਉਣ ਦੀ ਕੋਸ਼ਿਸ਼ ਕਰਾਂਗੇ। ਕਿਉਂਕਿ ਜਦੋਂ ਅਸੀਂ ਵਿਲੱਖਣ ਹਾਂ ਤਾਂ ਵੀ ਇੱਕਜੁਟ ਹਾਂ ਅਤੇ ਇਹੀ ਇੱਕਜੁਟਤਾ ਹੀ ਕੈਂਸਰ ਵਿਰੁੱਧ ਸਭ ਤੋਂ ਵੱਡੀ ਤਾਕਤ ਹੈ।







web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español

We Speak English, Spanish & Punjabi


We Provide Towing & 24/7 Mobile Road Services For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK





**1003 Moffat Blvd, Manteca CA 95336**

# 209-239-1551

# Chevron TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

Contact :

**BALRAJ SINGH PANNU**

**541-942-0105**

1250, Gateway Blvd. Cottage, OR 97424,

Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

**PREETI PANNU**

**(541) 369-2801**

FAX (541) 369-3810

33180 HWY 228 HALSEY, OR 97348

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

## ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

SANJHI SOCH
ਪ੍ਰੋ: ਸਰਚਾਂਦ ਸਿੰਘ ਖਿਆਲਾ
97813-55522



# ਕੇਂਦਰ ਦੀ ਮਦਦ ਨਾਲ ਪੰਜਾਬ ਵਿੱਚ ਵਿਕਾਸ ਦਾ ਨਵਾਂ ਯੁੱਗ

"2014 ਤੋਂ ਬਾਅਦ ਪੰਜਾਬ ਨੂੰ ਕੇਂਦਰ ਵੱਲੋਂ ਵਿੱਤੀ ਸਹਾਇਤਾ ਅਤੇ ਬੁਨਿਆਦੀ ਢਾਂਚੇ ਵਿੱਚ ਬੇਮਿਸਾਲ ਮਜ਼ਬੂਤੀ ਮਿਲੀ ਹੈ। ਟੈਕਸ ਡਿਵੋਲਿਊਸ਼ਨ ਅਤੇ ਗ੍ਰਾਂਟਸ ਰਾਹੀਂ ਲੱਖਾਂ ਕਰੋੜ ਰੁਪਏ ਪੰਜਾਬ ਦੇ ਵਿਕਾਸ 'ਚ ਲੱਗੇ ਹਨ। ਸੜਕਾਂ, ਰੇਲਵੇ, ਹਵਾਈ ਸੇਵਾਵਾਂ ਅਤੇ ਸਿਹਤ ਖੇਤਰ ਵਿੱਚ ਵੱਡੇ ਪ੍ਰੋਜੈਕਟ ਪੰਜਾਬ ਦੀ ਆਰਥਿਕ ਦਿਸ਼ਾ ਬਦਲ ਰਹੇ ਹਨ। ਕੇਂਦਰ-ਰਾਜ ਸਹਿਯੋਗ ਨਾਲ ਪੰਜਾਬ ਵਿਕਾਸ ਦੇ ਨਵੇਂ ਦੌਰ ਵਿੱਚ ਦਾਖ਼ਲ ਹੋ ਰਿਹਾ ਹੈ।"

ਪਿਛਲੇ ਇੱਕ ਦਹਾਕੇ ਦੌਰਾਨ ਕੇਂਦਰ ਸਰਕਾਰ ਅਤੇ ਪੰਜਾਬ ਦੇ ਸਬੰਧ ਸਿਰਫ਼ ਰਾਜਨੀਤਿਕ ਦਾਅਵਿਆਂ ਤੱਕ ਸੀਮਿਤ ਨਹੀਂ ਰਹੇ, ਸਗੋਂ ਵਿੱਤੀ ਸਹਾਇਤਾ, ਬੁਨਿਆਦੀ ਢਾਂਚੇ ਅਤੇ ਲੋਕ-ਕਲਿਆਣਕਾਰੀ ਯੋਜਨਾਵਾਂ ਦੇ ਰੂਪ ਵਿੱਚ ਜ਼ਮੀਨੀ ਪੱਧਰ 'ਤੇ ਵੀ ਸਪਸ਼ਟ ਤੌਰ 'ਤੇ ਨਜ਼ਰ ਆ ਰਹੇ ਹਨ। ਉਪਲਬਧ ਅੰਕੜੇ ਦਰਸਾਉਂਦੇ ਹਨ ਕਿ ਪੰਜਾਬ ਨੂੰ ਮਿਲਣ ਵਾਲੇ ਕੇਂਦਰੀ ਟ੍ਰਾਂਸਫਰ ਅਤੇ ਵਿਕਾਸਕਾਰੀ ਸਹਾਇਤਾ ਵਿੱਚ ਇਤਿਹਾਸਕ ਵਾਧਾ ਹੋਇਆ ਹੈ।

ਵਿੱਤੀ ਸਾਲ 2026-27 ਲਈ ਪੰਜਾਬ ਨੂੰ ਟੈਕਸ ਡਿਵੋਲਿਊਸ਼ਨ ਦੇ ਤੌਰ 'ਤੇ 30,464 ਕਰੋੜ ਦਾ ਬਜਟ ਅਨੁਮਾਨ ਦਿੱਤਾ ਗਿਆ ਹੈ, ਜਦਕਿ ਵਿੱਤੀ ਸਾਲ 2025-26 ਵਿੱਚ ਗ੍ਰਾਂਟ-ਇਨ-ਏਡ ਵਜੋਂ 10,576 ਕਰੋੜ ਪ੍ਰਦਾਨ ਕੀਤੇ ਗਏ ਹਨ।

ਜੇ 2014 ਤੋਂ 2026 ਤੱਕ ਦੀ ਮਿਆਦ ਨੂੰ ਦੇਖੀਏ ਤਾਂ ਟੈਕਸ ਡਿਵੋਲਿਊਸ਼ਨ ਰਾਹੀਂ ਪੰਜਾਬ ਨੂੰ 1.66 ਲੱਖ ਕਰੋੜ ਅਤੇ ਗ੍ਰਾਂਟਸ ਦੇ ਰੂਪ ਵਿੱਚ 1.32 ਲੱਖ ਕਰੋੜ ਮਿਲੇ ਹਨ। ਇਹ ਅੰਕੜੇ ਸਪਸ਼ਟ ਕਰਦੇ ਹਨ ਕਿ ਕੇਂਦਰ ਸਰਕਾਰ ਨੇ ਪੰਜਾਬ ਦੀ ਵਿੱਤੀ ਲੋੜਾਂ ਅਤੇ ਜ਼ਿੰਮੇਵਾਰੀਆਂ ਨੂੰ ਗੰਭੀਰਤਾ ਨਾਲ ਲਿਆ ਹੈ।

ਪੂੰਜੀ ਖਰਚ ਲਈ ਕੇਂਦਰ ਵੱਲੋਂ ਰਾਜਾਂ ਨੂੰ ਦਿੱਤੀ ਜਾ ਰਹੀ ਵਿਸ਼ੇਸ਼ ਸਹਾਇਤਾ ਪੰਜਾਬ ਲਈ ਇੱਕ ਮਹੱਤਵਪੂਰਨ ਆਰਥਿਕ ਸਹਾਰਾ ਬਣੀ ਹੈ। ਇਸ ਸਕੀਮ ਤਹਿਤ ਪੰਜਾਬ ਨੂੰ 50 ਸਾਲਾਂ ਲਈ ਵਿਆਜ-ਮੁਕਤ ਕਰਜ਼ੇ ਦਿੱਤੇ ਗਏ ਹਨ, ਜਿਨ੍ਹਾਂ ਦਾ ਪੂਰਾ ਵਿਆਜ ਕੇਂਦਰ ਸਰਕਾਰ ਵੱਲੋਂ ਭਰਿਆ ਜਾਂਦਾ ਹੈ।2020-21 ਤੋਂ ਜਨਵਰੀ 2026 ਤੱਕ ਇਸ ਯੋਜਨਾ ਹੇਠ ਪੰਜਾਬ ਨੂੰ ਕੁੱਲ 6,157 ਕਰੋੜ ਜਾਰੀ ਕੀਤੇ ਗਏ ਹਨ। ਇਹ ਸਹਾਇਤਾ ਵਿੱਤ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਤੋਂ ਉੱਪਰ ਹੈ ਅਤੇ ਰਾਜ ਨੂੰ ਆਪਣੇ ਵਿਕਾਸਕਾਰੀ ਪ੍ਰਾਜੈਕਟਾਂ ਲਈ ਵਾਧੂ ਆਰਥਿਕ ਸਮਰੱਥਾ ਪ੍ਰਦਾਨ ਕਰਦੀ ਹੈ।ਸੜਕਾਂ ਅਤੇ ਕਨੈਕਟਿਵਿਟੀ ਦੀ ਗਲ ਕੀਤੀ ਜਾਵੇ ਤਾਂ ਇਹ ਵਿਕਾਸ ਦੀ ਨਵੀਂ ਰੀੜ੍ਹ ਬਣੀ ਹੈ।

30 ਜੂਨ 2025 ਤੱਕ ਪੰਜਾਬ ਵਿੱਚ 4,264 ਕਿੱਲੋਮੀਟਰ ਤੋਂ ਵੱਧ ਰਾਸ਼ਟਰੀ ਰਾਜਮਾਰਗ ਤਿਆਰ ਹੋ ਚੁੱਕੇ ਹਨ। 29,000 ਕਰੋੜ ਦੀ ਲਾਗਤ ਨਾਲ ਪੰਜ ਗ੍ਰੀਨਫੀਲਡ ਅਤੇ ਆਰਥਿਕ ਕਾਰੀਡੋਰ ਨਿਰਮਾਣ ਅਧੀਨ ਹਨ।

ਭਾਰਤ ਮਾਲਾ ਪਰਿਯੋਜਨਾ ਦੇ ਫੇਜ਼-1 ਹੇਠ 1,764 ਕਿੱਲੋਮੀਟਰ ਦੇ ਰਾਸ਼ਟਰੀ ਰਾਜਮਾਰਗ ਕਾਰੀਡੋਰਾਂ ਨੂੰ 58,875 ਕਰੋੜ ਦੀ ਅੰਦਾਜ਼ੀ ਲਾਗਤ ਨਾਲ ਮਨਜ਼ੂਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ, ਪੰਜਾਬ ਅਤੇ ਰਾਜਸਥਾਨ ਦੇ ਸਰਹੱਦੀ ਖੇਤਰਾਂ ਵਿੱਚ 2,280 ਕਿੱਲੋਮੀਟਰ ਸੜਕਾਂ ਦੇ ਨਿਰਮਾਣ ਲਈ 4,406 ਕਰੋੜ ਦਾ ਨਿਵੇਸ਼ ਕੀਤਾ ਗਿਆ ਹੈ, ਜੋ ਸੁਰੱਖਿਆ ਅਤੇ ਵਿਕਾਸ ਦੋਵਾਂ ਲਈ ਅਹਿਮ ਹੈ।

ਰੇਲਵੇ, ਰਫ਼ਤਾਰ ਦਾ ਆਧੁਨਿਕਤਾ ਅਤੇ ਲੋਜਿਸਟਿਕ ਤਾਕਤ ਹੈ, ਰੇਲਵੇ ਖੇਤਰ ਵਿੱਚ ਪੰਜਾਬ ਨੇ ਇੱਕ ਨਵਾਂ ਮੋੜ ਲਿਆ ਹੈ। ਰਾਜ ਹੁਣ 100% ਬਿਜਲੀਕ੍ਰਿਤ ਹੋ ਚੁੱਕਾ ਹੈ। ਅੰਮ੍ਰਿਤਸਰ-ਦਿੱਲੀ ਅਤੇ ਫਿਰੋਜ਼ਪੁਰ-ਦਿੱਲੀ ਵੰਦੇ ਭਾਰਤ ਐਕਸਪ੍ਰੈਸ ਨਾਲ ਯਾਤਰਾ ਤੇਜ਼ ਅਤੇ ਸੁਵਿਧਾਜਨਕ ਬਣੀ ਹੈ।

ਇਸ ਦੇ ਨਾਲ ਹੀ, 12 ਨਵੇਂ ਰੇਲ ਪ੍ਰਾਜੈਕਟਾਂ ਰਾਹੀਂ 1,158 ਕਿੱਲੋਮੀਟਰ ਨਵੀਆਂ ਪਟੜੀਆਂ 'ਤੇ 19,843 ਕਰੋੜ ਦਾ ਨਿਵੇਸ਼ ਹੋ ਰਿਹਾ ਹੈ। 2014 ਤੋਂ ਬਾਅਦ 366 ਰੇਲ ਫਲਾਈਓਵਰ ਅਤੇ ਅੰਡਰ-ਬ੍ਰਿਜ ਬਣਾਏ ਗਏ ਹਨ। ਅੰਮ੍ਰਿਤ ਭਾਰਤ ਸਕੀਮ ਤਹਿਤ ਪੰਜਾਬ ਦੇ 30 ਰੇਲਵੇ ਸਟੇਸ਼ਨਾਂ ਨੂੰ ਆਧੁਨਿਕ ਰੂਪ ਦਿੱਤਾ ਜਾ ਰਿਹਾ ਹੈ।ਇਸ ਤੋਂ ਇਲਾਵਾ, ਲੁਧਿਆਣਾ ਤੋਂ ਸੋਨਨਗਰ ਤੱਕ 1,337 ਕਿੱਲੋਮੀਟਰ ਲੰਬਾ ਪੂਰਬੀ ਡੈਡੀਕੇਟਡ ਫ੍ਰੇਟ ਕਾਰੀਡੋਰ ਪੰਜਾਬ ਦੇ ਉਦਯੋਗ ਅਤੇ ਖੇਤੀਬਾੜੀ ਲਈ ਇੱਕ ਮਜ਼ਬੂਤ ਲੋਜਿਸਟਿਕ ਆਧਾਰ ਤਿਆਰ ਕਰਦਾ ਹੈ।ਵਿਕਸਤ ਹਵਾਈ ਸੇਵਾਵਾਂ ਵਿਕਾਸ ਦਾ ਪੈਮਾਨਾ ਹੈ, ਪੰਜਾਬ 'ਚ ਆਰਸੀਐਸ-ਉਡਾਣ ਅਤੇ ਕ੍ਰਿਸ਼ੀ ਉਡਾਣ ਯੋਜਨਾਵਾਂ ਹੇਠ ਬਠਿੰਡਾ, ਲੁਧਿਆਣਾ, ਆਦਮਪੁਰ ਅਤੇ ਪਠਾਨਕੋਟ ਹਵਾਈ ਅੱਡਿਆਂ ਦੀ ਸ਼ੁਰੂਆਤ ਨਾਲ ਪੰਜਾਬ ਹਵਾਈ ਨਕਸ਼ੇ 'ਤੇ ਮਜ਼ਬੂਤੀ ਨਾਲ ਉੱਭਰਿਆ ਹੈ। ਆਦਮਪੁਰ ਹਵਾਈ ਅੱਡੇ 'ਤੇ ਨਵੀਂ ਟਰਮੀਨਲ ਇਮਾਰਤ ਇਸ ਦਿਸ਼ਾ ਵਿੱਚ ਅਹਿਮ ਕਦਮ ਹੈ।ਸਿਹਤ ਖੇਤਰ ਵਿੱਚ ਏਮਜ਼ ਬਠਿੰਡਾ, ਪੀਜੀਆਈਐਮਈਆਰ ਦੇ ਸੈਟੇਲਾਈਟ ਸੈਂਟਰ ਅਤੇ ਨਵੇਂ ਮੈਡੀਕਲ ਕਾਲਜ ਪੰਜਾਬ ਦੀ ਸਿਹਤ ਸੰਰਚਨਾ ਨੂੰ ਮਜ਼ਬੂਤ ਕਰ ਰਹੇ ਹਨ।

ਸ਼ਹਿਰੀ ਵਿਕਾਸ ਵਲ ਨਜ਼ਰ ਦੁਹਰਾਈਏ ਤਾਂ ਪਤਾ ਚਲਦਾ ਹੈ ਕਿ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਦਾ ਸਮਾਰਟ ਸਿਟੀਜ਼ ਮਿਸ਼ਨ ਵਿੱਚ ਸ਼ਾਮਿਲ ਹੋਣਾ ਸ਼ਹਿਰੀ ਜੀਵਨ ਦੀ ਗੁਣਵੱਤਾ ਵਧਾਉਣ ਵੱਲ ਵੱਡਾ ਕਦਮ ਹੈ।ਐਨਆਈਸੀਡੀਪੀ ਹੇਠ ਰਾਜਪੁਰਾ-ਪਟਿਆਲਾ ਖੇਤਰ ਵਿੱਚ ਉਦਯੋਗਿਕ ਪ੍ਰਾਜੈਕਟ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਗੇ।ਲੋਕਾਂ ਤੱਕ ਸਿੱਧਾ ਕੇਂਦਰੀ ਲਾਭ ਪਹੁੰਚਾਉਣ 'ਚ ਅਹਿਮ ਕਦਮ ਕੇਂਦਰ ਵੱਲੋਂ ਉਠਾਏ ਗਏ। ਜਨ ਧਨ, ਉੱਜਵਲਾ, ਆਯੁਸ਼ਮਾਨ ਭਾਰਤ, ਪੀ ਐਮ ਕਿਸਾਨ, ਜਲ ਜੀਵਨ ਮਿਸ਼ਨ ਵਰਗੀਆਂ ਫਲੈਗਸ਼ਿਪ ਯੋਜਨਾਵਾਂ ਰਾਹੀਂ ਲੱਖਾਂ ਪੰਜਾਬੀ ਪਰਿਵਾਰਾਂ ਤੱਕ ਸਿੱਧਾ ਲਾਭ ਪਹੁੰਚਿਆ ਹੈ। ਇਹ ਯੋਜਨਾਵਾਂ ਸਾਬਤ ਕਰਦੀਆਂ ਹਨ ਕਿ ਵਿਕਾਸ ਸਿਰਫ਼ ਅੰਕੜਿਆਂ ਦੀ ਗੱਲ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਆ ਰਹੇ ਹਕੀਕੀ ਬਦਲਾਅ ਦਾ ਨਾਮ ਹੈ।ਅੱਜ ਪੰਜਾਬ ਲਈ ਵਿਕਾਸ ਸਿਰਫ਼ ਵਾਅਦਾ ਨਹੀਂ, ਸਗੋਂ ਅੰਕੜਿਆਂ ਅਤੇ ਜ਼ਮੀਨੀ ਹਕੀਕਤ ਵਿੱਚ ਦਿਖਾਈ ਦੇ ਰਹੀ ਸਚਾਈ ਹੈ। ਕੇਂਦਰ ਸਰਕਾਰ ਦੀ ਮਜ਼ਬੂਤ ਵਿੱਤੀ ਸਹਾਇਤਾ ਅਤੇ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਨਾਲ ਪੰਜਾਬ ਵਿਕਾਸ ਦੇ ਨਵੇਂ ਦੌਰ ਵਿੱਚ ਦਾਖ਼ਲ ਹੋ ਚੁੱਕਾ ਹੈ ਅਤੇ ਇਹ ਯਾਤਰਾ ਅੱਗੇ ਵੀ ਜਾਰੀ ਰਹੇਗੀ।



# Ekam Handyman Services

## Reliable Handyman Services

- Professional Repairs
- Quality Work
- Affordable Rates



### We Specialized In:

Split-Level and Multi-Level Home Repairs

Fence Installation & Repairs Backyard Upgrades

Hardwood Floor, MarbleTiling, Repair & Refinishing

Insulated Window Installation & sealing

Washroom RepairsPlumbing

Fixes Electrical Repairs



Ekam Handyman services
@laddihandyman

(209)281-0288, (209)646-4056


SERVPRO.
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals- Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਕਾਵਿ ਵਿਅੰਗ
# ਟਰੰਪ ਦੀਆਂ ਲੂੰਬੜ ਚਾਲਾਂ


ਘੇਰੋ ਇਰਾਨ, ਟਰੰਪ ਹੁਕਮ ਕੀਤਾ,
ਦਿੱਤੇ ਜ਼ੰਗੀ ਬੇੜੇ ਚਾੜ੍ਹ ਪੱਤੋ।
ਪਹਿਲਾਂ ਛੋਟੇ ਸੀ ਦੇਸ਼ ਜਿਹੜੇ,
ਨਾਲ ਬੰਬਾਂ ਦਿੱਤੇ ਰਾੜ੍ਹ ਪੱਤੋ।
ਨਿੱਤ ਨਵੀਂ ਧੌਂਸ ਜਮਾਈ ਜਾਵੇ,
ਲ਼ੈ ਕੇ ਟਰੈਫ ਦੀ ਆੜ ਪੱਤੋ।
ਵਿੱਚ ਦੁਨੀਆਂ ਦਹਿਸ਼ਤ ਪਾਈ,
ਜਿਓਂ ਵਾੜੇ ਫਿਰੇ ਬਘਿਆੜ ਪੱਤੋ।
ਅਪਣਾਓ ਮੇਰੀਆਂ ਨੀਤੀਆਂ ਨੂੰ,
ਨਹੀਂ ਸਿੱਟੂ ਸਭ ਉਖਾੜ ਪੱਤੋ।
ਹੋਰ ਕੰਮ ਨਾ ਇਹਨੂੰ ਦਿੱਸੇ ਕੋਈ,
ਨਿੱਤ ਲਾਵੇ ਨਵੇਂ ਜੁਗਾੜ ਪੱਤੋ।
ਨਿਗ੍ਹਾ ਤੇਲ 'ਤੇ ਇਹ ਟਿਕਾਈ ਬੈਠਾ,
ਨਾਲ ਕਚੀਚੀ ਨੱਪੇ ਜਾੜ੍ਹ ਪੱਤੋ।
ਮਹਿੰਗਾਈ, ਬੇਰੁਜ਼ਗਾਰੀ ਵਧੀ,
ਫ਼ਿਕਰੀਂ ਗਾਹਕ ਅਤੇ ਕਰਾੜ ਪੱਤੋ।
ਹੁਣ ਕੀ ਬਣੂ ,ਸੋਚਦਾ ਹਰ ਬੰਦਾ,
ਨਿੱਤ ਵੱਧਦਾ ਜਾਵੇ ਪਾੜ ਪੱਤੋ।
ਲੱਗਦਾ ਧੱਕੂ ਦੁਨੀਆਂ ਜੰਗ ਵੱਲੇ,
ਨਹੀਂ ਹਟਦਾ ਦੇਊ ਉਜਾੜ ਪੱਤੋ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਅਜੇ ਸੂਰਜ ਡੁੱਬਿਆ ਤਾਂ ਨਹੀਂ

ਅਜੇ ਸੂਰਜ ਡੁੱਬਿਆ ਤਾਂ ਨਹੀਂ ,
ਧੁੱਪ ਦੀ ਲਿਸ਼ਕੋਰ ਬਾਕੀ ਹੈ ,
ਪਹਿਲਾਂ ਸ਼ਾਮ ਤਾਂ ਹੋਣ ਦਿਓ।
ਮੈਂ ਖੁਦ ਵਾਪਸ ਚਲਾ ਜਾਵਾਂਗਾ,
ਤੇ ਹਾਰ ਮਨ ਲਵਾਗਾਂ,
ਪਹਿਲਾਂ ਮੈਨੂੰ ਨਾਕਾਮ ਤਾਂ ਹੋਣ ਦਿਓ।
ਹਾਲੇ ਤਾਂ ਹਵਾਵਾਂ ਮੇਰੇ ਖ਼ਿਲਾਫ਼ ਨਹੀਂ ਚੱਲੀਆਂ,
ਤੁਸੀਂ ਦੀਵੇ ਬੁਝਾਉਣ ਆ ਗਏ ਹੋ,
ਪਹਿਲਾਂ ਘੁਪ ਹਨੇਰੀ ਰਾਤ ਤਾਂ ਹੋਣ ਦਿਓ।
ਮੈਨੂੰ ਬਦਨਾਮ ਕਰਨ ਦਾ ਬਹਾਨਾ ਕਿਉਂ ਲੱਭਦੇ ਹੋ,
ਮੈਂ ਖੁਦ ਹੋ ਜਾਵਾਂਗਾ ਬਦਨਾਮ,
ਪਹਿਲਾਂ ਮੇਰਾ ਨਾਮ ਤਾਂ ਹੋਣ ਦਿਓ।
ਮੈਂ ਆਪਣੀ ਹਾਰ ਦਾ ਖੁਦ ਇਤਿਹਾਸ ਲਿਖਾਂਗਾ,
ਸਬਰ ਕਰੋ , ਕਲਮ ਮੇਰੇ ਹੱਥ ‘ਚ ਹੈ,
ਪਹਿਲਾਂ ਮੈਨੂੰ ਹਾਰ ਤਾਂ ਮਨ ਲੈਣ ਦਿਓ।
ਮੈਂ ਚੁੱਪ ਹਾਂ ਤਾਂ ਇਹ ਕੋਈ ਕਮਜ਼ੋਰੀ ਨਹੀਂ,
ਇਹ ਤੂਫ਼ਾਨ ਤੋਂ ਪਹਿਲਾਂ ਦੀ ਹਵਾ ਹੈ,
ਪਰ ਪਹਿਲਾਂ ਰੌਲਾ ਤਾਂ ਪਾ ਲੈਣ ਦਿਓ।
ਹਾਲੇ ਮੜੀਆਂ ਚ ਨਹੀਂ ਗਿਆ ਮੈਂ,
ਤੇ ਤੁਸੀਂ ਮਰਿਆ ਹੋਇਆ ਸਮਝੀ ਬੈਠੇ ਓ,
ਮੇਰੀ ਮੌਤ ਦਾ ਐਲਾਨ ਨਾ ਕਰੋ,
ਪਹਿਲਾਂ ਮੇਰਾ ਅੰਤ ਤਾਂ ਹੋਣ ਦਿਓ।
"ਰਿੰਪੂ" ਝੁਕਿਆ ਨਹੀਂ ਕਦੇ,
ਤੇ ਤੁਸੀਂ ਸਿਰ ਝੁਕਾਵਣ ਆ ਗਏ ਹੋ,
ਪਹਿਲਾਂ ਸਿਰ ਨੀਵਾਂ ਤਾਂ ਹੋਣ ਦਿਓ।



ਸਾਂਝੀ ਸੋਚ
ਰੋਹਿਤ ਵਰਮਾ
7837479803

LARRY T. NIERMEYER
Attorney at Law



OFFERING SERVICES IN
THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.

## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician**
**Since 1973**
**DHMS-Gold Medalist,**
**BAMS, MDEH**
**Ex-Prof, Principal &**
**CMO Medical**
**Colleges/Hospitals in**
**India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

SANJHI SOCH TV & DAILY NEWSPAPER



TO EXPAND YOUR BUSINESS IN INDIAN COMMUNITY





Through Newspaper & T.V, Advertise with us just as low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com Sanjhi Soch TV NRI

SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260